ਹੈ ਕੋਈ ਖਬਰ ਤੁਹਾਡੇ ਸ਼ਹਿਰ ਮੁਹਲੇ ਪਿੰਡ ਦੀ ਸਾਨੂੰ ਲੋੜ ਹੈ ਪੰਜਾਬ ਦੇ ਹਰ ਕੋਨੇ ਤੋਂ ਉਸ ਖਬਰ ਦੀ ਜੋ ਹੋਵੇ ਸੱਚ ਜਿਸ ਨੂੰ ਅਸੀਂ ਪਹੁੰਚਾ ਸਕੀਏ ਪ੍ਰਸ਼ਾਸਨ ਤੱਕ ਤੁਰੰਤ ਹੋਵੇ ਕਾਰਵਾਈ ਸਾਡੇ ਪਤਰਕਾਰਾਂ ਨਾਲ ਜਾ ਮੁੱਖ ਦਫਤਰ ਨਾਲ ਸੰਪਰਕ ਕਰੋ
9915594111
01812211009

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ
# ਲੋਕ ਬਾਣੀ

Thursday, 29 April, 2021

ਰੋਜ਼ਾਨਾ ਪੰਜਾਬੀ ਅਖਬਾਰ
'ਲੋਕ ਬਾਣੀ'
ਆਪ ਪੜ੍ਹੋ ਤੇ ਹੋਰਨਾਂ ਨੂੰ ਵੀ ਪੜਾਓ। ਆਪਣੇ ਨਜ਼ਦੀਕੀ ਸਟਾਲ ਅਤੇ ਹਾਕਰ ਤੋਂ ਪ੍ਰਾਪਤ ਕਰੋ ਅਤੇ ਕਿਸੇ ਕਿਸਮ ਦੀ ਪ੍ਰੇਸ਼ਾਨੀ ਲਈ ਹੇਠ ਲਿਖੇ ਨੰਬਰ ਤੇ ਸੰਪਰਕ ਕਰੋ
0181-22111009

R.N.I. Punpun/29016/2008 ਸਾਲ : 14, ਮੁੱਲ- 2 ਰੁਪਏ- ਕੁੱਲ ਪੇਜ਼-10, ਅੰਕ : 93 lokbani08@gmail.com ਫੋਨ, ਫੈਕਸ : 0181-2211009 M. 99155-94111

## ਅਸਾਮ 'ਚ ਭੂਚਾਲ ਕਾਰਨ ਵਿਆਪਕ ਨੁਕਸਾਨ
# ਗੁਆਂਢੀ ਸੂਬਿਆਂ ਦੇ ਲੋਕ ਵੀ ਡਰੇ

**ਗੁਹਾਟੀ/ਸਲਿੰਗ/ ਜਲਪਾਈਗੁੜੀ/ਲੋਕ ਬਾਣੀ**

ਆਸਾਮ ਵਿਚ ਬੁੱਧਵਾਰ ਸਵੇਰੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਤੇ ਰਿਕਟਰ ਪੈਮਾਨੇ 'ਤੇ ਇਨ੍ਹਾਂ ਦੀ ਸ਼ਿੱਦਤ 6.4 ਸੀ। ਇਸ ਨਾਲ ਉੱਤਰ-ਪੂਰਬੀ ਰਾਜ ਵਿਚ ਵਿਆਪਕ ਨੁਕਸਾਨ ਹੋਇਆ। ਅਧਿਕਾਰੀਆਂ ਨੇ ਦੱਸਿਆ ਕਿ ਭੂਚਾਲ ਦੇ ਝਟਕੇ ਪੂਰੇ ਖੇਤਰ ਵਿੱਚ ਮਹਿਸੂਸ ਕੀਤੇ ਗਏ। ਇਸ ਤੋਂ ਇਲਾਵਾ ਗੁਆਂਢੀ ਰਾਜ ਮੇਘਾਲਿਆ ਅਤੇ ਪੱਛਮੀ ਬੰਗਾਲ ਦੇ ਉੱਤਰੀ ਹਿੱਸੇ ਵੀ ਹਿੱਲੇ। ਉਨ੍ਹਾਂ ਦੱਸਿਆ ਕਿ ਭੂਚਾਲ ਸੋਨੀਤਪੁਰ



ਜਲ੍ਹਿ ਵਿੱਚ ਸਵੇਰੇ 7.51 ਵਜੇ ਆਇਆ। ਇਸ ਤੋਂ ਬਾਅਦ ਸੱਤ ਵਜੇ 58 ਮਿੰਟ ਅਤੇ ਅੱਠ ਵਜੇ ਇਕ ਮਿੰਟ 'ਤੇ ਭੂਚਾਲ ਦੇ ਦੋ ਹੋਰ ਝਟਕੇ ਆਏ। ਇਹ ਭੂਚਾਲ ਦੇ ਝਟਕੇ ਕ੍ਰਮਵਾਰ 4.3 ਅਤੇ 4.4 ਮਾਪ ਦੇ ਰਿਕਾਰਡ ਕੀਤੇ ਗਏ। ਖੇਤਰ ਵਿੱਚ ਇਸ ਕਾਰਨ ਲੋਕ ਡਰ ਗਏ ਤੇ ਘਰਾਂ ਤੋਂ ਬਾਹਰ ਆ ਗਏ। ਭੂਚਾਲ ਕਾਰਨ ਇਮਾਰਤਾਂ ਵਿੱਚ ਤਰੇੜਾਂ ਆ ਗਈਆਂ।

# ਪਟਿਆਲਾ ਦੀ ਕੇਂਦਰੀ ਜੇਲ੍ਹ 'ਚੋਂ ਤਿੰਨ ਕੈਦੀ ਫਰਾਰ

**ਪਟਿਆਲਾ/ਜਗਦੀਸ਼**

ਪਟਿਆਲਾ ਦੀ ਕੇਂਦਰੀ ਜੇਲ੍ਹ ਤੋਂ ਤਿੰਨ ਕੈਦੀ ਫਰਾਰ ਹੋ ਗਏ। ਸੂਤਰਾਂ ਅਨੁਸਾਰ ਤਿੰਨ ਦੋਸੀ ਬੁੱਧਵਾਰ ਸਵੇਰੇ ਤੜਕੇ ਜੇਲ੍ਹ ਬੈਰਕ ਤੋੜ ਕੇ ਫਰਾਰ ਹੋਏ ਹਨ। ਇਨ੍ਹਾਂ 'ਚ ਇੱਕ ਸ਼ੇਰਜੰਗ ਸਿੰਘ ਯੂਕੇ ਤੋਂ ਡਿਪੋਰਟ ਹੋ ਕੇ ਆਇਆ ਹੈ। ਉਸ ਨੂੰ 22 ਸਾਲ ਦੀ ਸਜ਼ਾ ਸੁਣਾਈ ਗਈ ਸੀ। ਤਿੰਨੋ ਫਰਾਰ ਕੈਦੀ ਪਿਛਲੇ ਹਫਤੇ ਬਠਿੰਡਾ ਜੇਲ੍ਹ ਤੋਂ ਪਟਿਆਲਾ ਸੈਂਟਰਲ ਜੇਲ੍ਹ ਸ਼ਿਫਟ ਕੀਤੇ ਗਏ ਸੀ। ਇਹ ਤਿੰਨੇ ਜੇਲ੍ਹ ਅਧਿਕਾਰੀਆਂ ਦੀ



ਲਾਪਰਵਾਹੀ ਕਾਰਨ ਫਰਾਰ ਹੋਏ ਹਨ। ਇਹ ਤਿੰਨੋਂ ਕੋਰਾਟਾਈਨ ਬੈਰਕ 'ਚ ਬੰਦ ਸੀ ਜਿਸ 'ਚ ਕੈਦੀਆਂ ਲਈ ਸੈੱਲ ਹਨ। ਪੁਲਿਸ ਜਾਂਚ ਕਰ ਰਹੀ ਹੈ ਕਿ ਕਿਵੇਂ ਉਹ 10 ਫੁੱਟ ਦੀ ਅੰਦਰੂਨੀ ਕੰਧ ਅਤੇ ਫਿਰ ਬਾਹਰੀ ਕੰਧ ਜੋ 12 ਫੁੱਟ ਤੋਂ ਉੱਚੀ ਹੈ, ਨੂੰ ਟੱਪਣ ਵਿੱਚ ਕਾਮਯਾਬ ਰਹੇ। ਹਾਲਾਂਕਿ, ਇਸ ਮਾਮਲੇ 'ਤੇ ਕੋਈ ਵੀ ਅਧਿਕਾਰਿਤ ਬਿਆਨ ਸਾਹਮਣੇ ਨਹੀਂ ਆਇਆ ਹੈ।

# ਦੇਸ 'ਚ ਕਰੋਨਾ ਦੇ 360960 ਨਵੇਂ ਮਾਮਲੇ : ਮੌਤਾਂ ਦੀ ਕੁੱਲ ਗਿਣਤੀ ਦੋ ਲੱਖ ਨੂੰ ਟੱਪੀ



**ਨਵੀਂ ਦਿੱਲੀ/ਕਪੂਰ**

ਦੇਸ ਵਿਚ ਕਰੋਨਾ ਵਾਇਰਸ ਦੇ ਰਿਕਾਰਡ 3,60,960 ਨਵੇਂ ਕੇਸ ਸਾਹਮਣੇ ਆਏ ਹਨ, ਜਿਸ ਤੋਂ ਬਾਅਦ ਕਰੋਨਾ ਪੀੜਤਾਂ ਦੀ ਕੁੱਲ ਗਿਣਤੀ 1,79,9,267 ਹੋ ਗਈ ਹੈ। ਕੇਂਦਰੀ ਸਿਹਤ ਮੰਤਰਾਲੇ ਵੱਲੋਂ ਅੱਜ ਸਵੇਰ ਜਾਰੀ ਅੰਕੜਿਆਂ ਅਨੁਸਾਰ 3,293 ਹੋਰ ਲੋਕਾਂ ਦੀ ਮੌਤ ਤੋਂ ਬਾਅਦ ਮਰਨ ਵਾਲਿਆਂ ਦੀ ਗਿਣਤੀ ਦੋ ਲੱਖ ਨੂੰ ਪਾਰ ਕਰ ਕਰਕੇ 2,01,187 'ਤੇ ਪੁੱਜ ਗਈ ਹੈ। ਬੀਤੇ ਚੌਵੀ ਘੰਟਿਆਂ ਵਿੱਚ ਪੰਜਾਬ ਵਿੱਚ 100 ਕਰੋਨਾ ਮਰੀਜਾਂ ਦੀ ਮੌਤ ਤੋਂ ਬਾਅਦ ਮਰਨ ਵਾਲਿਆਂ ਦੀ ਕੁੱਲ ਗਿਣਤੀ 8630 ਹੋ ਗਈ ਹੈ।

# ਅਮਰੀਕਾ ਤੇ ਇਰਾਨ ਦੇ ਜੰਗੀ ਬੇੜੇ ਆਹਮੋ-ਸਾਹਮਣੇ, ਯੂਐੱਸ ਨੇਵੀ ਨੇ ਗੋਲੀ ਚਲਾਈ



**ਦੁਬਈ/ਲੋਕ ਬਾਣੀ**

ਫਾਰਸ ਦੀ ਖਾੜੀ ਵਿਚ ਅਮਰੀਕੀ ਜੰਗੀ ਜਹਾਜ ਨੇ ਇਰਾਨ ਦੇ ਨੀਮ ਫੌਜੀ ਬਲ ਰੈਵੋਲੂਸ਼ਨਰੀ ਗਾਰਡ ਦੇ ਸਮੁੰਦਰੀ ਜਹਾਜਾਂ ਨੂੰ ਚੇਤਾਵਨੀ ਦਿੰਦੇ ਹੋਏ ਉਸ ਵੇਲੇ ਗੋਲੀਬਾਰੀ ਕੀਤੀ ਜਦੋਂ ਉਹ ਗਸਤ ਦੌਰਾਨ ਬਹੁਤ ਨੇੜੇ ਆ ਗਏ ਸਨ। ਯੂਐੱਸ ਨੇਵੀ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਯੂਐੱਸ ਨੇਵੀ ਨੇ ਸੋਮਵਾਰ ਦੀ ਰਾਤ ਨੂੰ ਫਾਰਸ ਦੀ ਖਾੜੀ ਦੇ ਉੱਤਰ ਵਿਚਲੇ ਅੰਤਰਰਾਸਟਰੀ ਸਮੁੰਦਰੀ ਜੋਨ ਵਿਚ ਆਹਮੋ ਸਾਹਮਣੇ ਦੀ ਫੁਟੇਜ ਜਾਰੀ ਕੀਤੀ ਹੈ।

# ਬ੍ਰਿਟੇਨ ਭਾਰਤ ਦੀ ਕਰ ਰਿਹਾ ਜੀ-ਜਾਨ ਨਾਲ ਮਦਦ

**ਲੰਡਨ/ਲੋਕ ਬਾਣੀ**

ਬ੍ਰਿਟੇਨ ਨੇ ਪੁਸ਼ਟੀ ਕੀਤੀ ਹੈ ਕਿ ਅਹਿਮ ਮੈਡੀਕਲ ਉਪਕਰਣਾਂ ਦੀ ਪਹਿਲੀ ਖੇਪ ਤੋਂ ਬਾਅਦ ਬੁੱਧਵਾਰ ਅਤੇ ਵੀਰਵਾਰ ਤੱਕ 400 ਹੋਰ ਆਕਸੀਜਨ ਕੰਸਨਟ੍ਰੇਟਰਸ ਭਾਰਤ ਭੇਜੇ ਜਾਣਗੇ ਤਾਂ ਜੋ ਕੋਵਿਡ-19 ਮਹਾਮਾਰੀ ਦੀ ਭਿਆਨਕ ਦੂਜੀ ਲਹਿਰ ਵਿਚ ਭਾਰੀ ਮੰਗ ਨੂੰ ਕੁਝ ਘੱਟ ਕੀਤਾ ਜਾ ਸਕੇ। ਪ੍ਰਧਾਨ ਮੰਤਰੀ ਬੋਰਿਸ ਜਾਨਸਨ ਨੇ ਸੰਸਦ ਦੇ ਆਪਣੇ ਹਫਤਾਵਾਰੀ ਪ੍ਰਾਈਮ ਮਿਨੀਸਟਰਸ ਕਨਵੈਂਸ਼ਨਸ (ਪੀ. ਐੱਮ. ਕਿਊ.) ਸ਼ੈਸ਼ਨ ਦੀ ਸ਼ੁਰੂਆਤ ਭਾਰਤ ਦੇ ਨਾਲ ਇਕਜੁੱਟਤਾ ਨਾਲ ਕੀਤੀ ਅਤੇ ਆਖਿਆ ਕਿ ਅੱਗੇ ਦੀਆਂ ਜਰੂਰਤਾਂ ਸਬੰਧੀ ਭਾਰਤ ਸਰਕਾਰ ਨਾਲ ਚਰਚਾ ਚੱਲ ਰਹੀ ਹੈ। ਜਾਨਸਨ ਨੇ ਗੱਲਬਾਤ ਕਰਦੇ ਹੋਏ ਇਸ ਗੱਲ 'ਤੇ ਚਾਨਣਾ ਪਾਇਆ ਕਿ ਬ੍ਰਿਟੇਨ ਭਾਰਤ ਨੂੰ ਸਹਾਇਤਾ ਦੀ ਸਪਲਾਈ ਕਰਨ ਵਾਲਾ ਪਹਿਲਾ ਮੁਲਕ ਹੈ ਜਿਥੋਂ 200 ਵੈਂਟੀਲੇਟਰ ਅਤੇ 95 ਆਕਸੀਜਨ ਕੰਸਨਟ੍ਰੇਟਰਸ ਦੀ ਖੇਪ ਮੰਗਲਵਾਰ ਨੂੰ ਦਿੱਲੀ ਪਹੁੰਚੀ ਅਤੇ ਉਸ ਨੂੰ ਭਾਰਤ ਦੇ ਹਸਪਤਾਲਾਂ ਵਿਚ ਉਲਟ ਕੀਤਾ ਜਾ ਰਿਹਾ ਹੈ। ਜਾਨਸਨ ਨੇ ਬ੍ਰਿਟਿਸ਼ ਸੰਸਦ ਦੇ ਹੇਠਲੇ ਸਦਨ 'ਹਾਊਸ ਆਫ ਕਾਮਨਸ' ਵਿਚ ਆਖਿਆ ਕਿ ਸਦਨ ਦੇ ਸਾਰੇ ਮੈਂਬਰਾਂ ਦੀਆਂ ਭਾਵਨਾਵਾਂ ਭਾਰਤ ਨਾਲ ਹਨ। ਉਨ੍ਹਾਂ ਅੱਗੇ ਆਖਿਆ ਕਿ ਅਸੀਂ ਅਹਿਮ ਮੈਡੀਕਲ ਉਪਕਰਣਾਂ ਨਾਲ ਭਾਰਤ ਦੀ ਮਦਦ ਕਰ ਰਹੇ ਹਾਂ ਅਤੇ ਭਾਰਤੀ ਅਧਿਕਾਰੀਆਂ ਨਾਲ ਅਸੀਂ ਇਸ ਗੱਲ ਨੂੰ ਲੈ ਕੇ ਕੰਮ ਕਰਨਾ ਜਾਰੀ ਰੱਖਾਂਗੇ ਕਿ ਭਵਿੱਖ ਵਿਚ ਉਨ੍ਹਾਂ ਨੂੰ ਕਿਸੇ ਚੀਜ ਦੀ ਜਰੂਰਤ ਪੈ ਸਕਦੀ ਹੈ।ਵਿਰੋਧੀ ਲੇਬਰ ਪਾਰਟੀ ਨੇ ਵੀ ਭਾਰਤ ਵਿਚ ਮਨੁੱਖੀ ਆਫਤ ਦੇ ਮੁੱਦੇ 'ਤੇ ਧਿਆਨ ਦਿੰਦੇ ਹੋਏ ਹੋਰ ਮਦਦ ਕਰਨ ਦਾ ਜਕਿਰ ਕੀਤਾ। ਲੇਬਰ ਪਾਰਟੀ ਦੀ ਭਾਰਤੀ ਮੂਲ ਦੀ ਸੰਸਦ ਮੈਂਬਰ ਅਤੇ ਸ਼ੈਡੋ ਵਿਦੇਸ਼ ਮੰਤਰੀ ਲੀਸਾ ਨੈਂਡੀ ਨੇ ਸਦਨ ਵਿਚ ਸਵਾਲ ਰੱਖਦੇ ਹੋਏ ਆਖਿਆ ਕਿ ਭਾਰਤ ਨੂੰ ਘੇਰਨ ਵਾਲੀ ਘਰੇਲੂ ਆਫਤ ਹੁਣ ਇੰਨੇ ਵੱਡੇ ਪੈਮਾਨੇ 'ਤੇ ਪਹੁੰਚ ਗਈ ਹੈ ਕਿ ਇਹ ਇਕ ਗਲੋਬਲ ਐਮਰਜੈਂਸੀ ਬਣ ਗਈ ਹੈ। ਦੁਨੀਆ ਭਰ ਵਿਚ ਆਏ ਮਾਮਲਿਆਂ ਵਿਚੋਂ 40 ਫੀਸਦੀ ਮਾਮਲੇ ਭਾਰਤ ਤੋਂ ਹਨ ਅਤੇ 20 ਲੱਖ ਤੋਂ ਜਿਆਦਾ ਮਾਮਲੇ ਇਕੱਲੇ ਬੀਤੇ ਇਕ ਹਫਤੇ ਵਿਚ ਆਏ ਹਨ ਅਤੇ ਇਸ ਆਫਤ ਦੀ ਪੀਕ ਅਜੇ ਆਉਣੀ ਬਾਕੀ ਹੈ।



**ਭੇਜ ਰਿਹਾ ਹੈ ਹੋਰ 400 ਆਕਸੀਜਨ ਕੰਸਨਟ੍ਰੇਟਰਸ**

# ਪੱਤਰਕਾਰ ਕੱਪਨ ਨੂੰ ਇਲਾਜ ਲਈ ਦਿੱਲੀ ਲਿਆਂਦਾ ਜਾਵੇ : ਸੁਪਰੀਮ ਕੋਰਟ

**ਨਵੀਂ ਦਿੱਲੀ/ਕਪੂਰ**

ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਉੱਤਰ ਪ੍ਰਦੇਸ ਸਰਕਾਰ ਨੂੰ ਹੁਕਮ ਦਿੱਤਾ ਕਿ ਉਹ ਬਿਹਤਰ ਇਲਾਜ ਲਈ ਪਿਛਲੇ ਸਾਲ ਗ੍ਰਿਫਤਾਰ ਕੀਤੇ ਗਏ ਕੇਰਲ ਦੇ ਪੱਤਰਕਾਰ ਸਿਦੀਕ ਕੱਪਨ ਨੂੰ ਰਾਜ ਤੋਂ ਕੌਮੀ ਰਾਜਧਾਨੀ ਦਿੱਲੀ ਵਿੱਚ



ਭੇਜੇ। ਪੱਤਰਕਾਰ ਨੂੰ ਹਥਰਾਸ ਜਾਂਦੇ ਹੋਏ ਰਸਤੇ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਚੀਫ ਜਸਟਿਸ ਐੱਨਵੀ ਰਮੰਨਾ ਦੀ ਅਗਵਾਈ ਹੇਠਲੇ ਬੈਂਚ ਨੇ ਇਹ ਸਪਸ਼ਟ ਕੀਤਾ ਕਿ ਸਿਹਤਮੰਦ ਹੋਣ ਬਾਅਦ ਕੱਪਨ ਨੂੰ ਮਥੁਰਾ ਜੇਲ੍ਹ ਵਿੱਚ ਭੇਜਿਆ ਜਾਵੇ।

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਹਰਦਿਆਲ ਕੰਬੋਜ ਨੇ ਦਾਖਲਾ ਮੁਹਿੰਮ ਸਟਿੱਕਰ ਜਾਰੀ ਕੀਤਾ



**ਬਨੂੜ/ਲੋਕ ਬਾਣੀ**

ਹਲਕਾ ਰਾਜਪੁਰਾ ਤੋਂ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਸਿੱਖਿਆ ਵਿਭਾਗ ਦਾ ਸਟਿੱਕਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ਼ ਨਾਲ ਕੀਤੀ ਮੀਟਿੰਗ ਵਿੱਚ ਬਨੂੜ ਵਿਖੇ ਜਾਰੀ ਕੀਤਾ।ਇਸ ਮੌਕੇ ਉਹਨਾਂ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਮਿਆਰ ਉਚੇਰਾ ਹੋਇਆ ਹੈ ਅਤੇ ਬੱਚਿਆਂ ਦੀ ਗਿਣਤੀ ਵੱਧ ਰਹੀ ਹੈ। ਉਹਨਾਂ ਸਮੂਹ ਅਧਿਆਪਕਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਕੋਵਿਡ ਸਮੇਂ ਦੌਰਾਨ ਵਿਦਿਆਰਥੀਆਂ ਅਤੇ ਮਾਪਿਆਂ ਨਾਲ ਆਨਲਾਈਨ ਜੁੜ ਕੇ ਪੜ੍ਹਾਈ ਲਈ ਉਤਸਾਹਿਤ ਕਰ ਰਹੇ ਹਨ ਜਿਸ ਨਾਲ ਚੰਗੇ ਨਤੀਜੇ ਵੀ ਸਾਹਮਣੇ ਆ ਰਹੇ ਹਨ। ਉਹਨਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਸਮੂਹ ਅਧਿਆਪਕ ਇਹ ਉਪਰਾਲੇ ਜਾਰੀ ਰੱਖਣਗੇ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਨੀਤਾ ਭਾਰਦਵਾਜ ਅਤੇ ਸਟੇਟ ਮੀਡੀਆ ਇੰਚਾਰਜ ਰਾਜਿੰਦਰ ਸਿੰਘ ਚਾਨੀ ਨੇ ਸ. ਕੰਬੋਜ ਨੂੰ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਸ. ਕੰਬੋਜ ਨੇ ਬਨੂੜ ਨਗਰ ਕੌਂਸਲ ਦੇ ਪ੍ਰਧਾਨ ਸ. ਜਗਤਾਰ ਸਿੰਘ ਕੰਬੋਜ ਨੂੰ ਕਿਹਾ ਕਿ ਸ.ਸ.ਸ.ਸ.ਸ. ਬਨੂੜ ਰਾਜ ਦੇ ਮੁੱਖ ਮਾਰਗ 'ਤੇ ਸਥਿਤ ਹੈ ਇਸ ਲਈ ਸਕੂਲ ਦੀ ਬਾਹਰੀ ਦਿੱਖ ਨੂੰ ਹੋਰ ਸੋਹਣਾ ਬਣਾਉਣ ਲਈ ਵਿਸ਼ੇਸ ਉਪਰਾਲੇ ਕੀਤੇ ਜਾਣ। ਉਹਨਾਂ ਨੇ ਇਸ ਮੌਕੇ ਸਿੱਖਿਆ ਵਿਭਾਗ ਵਲੋਂ ਦੂਰਦਰਸ਼ਨ ਪੰਜਾਬੀ 'ਤੇ ਚੱਲ ਰਹੇ ਪ੍ਰੋਗਰਾਮ 'ਨਵੀਆਂ ਪੈੜਾਂ' ਅਤੇ ਸਕੂਲਾਂ ਵਿੱਚ ਚੱਲ ਰਹੇ ਦਾਖਲਿਆਂ ਸੰਬੰਧੀ ਫ਼ਲੈਕਸ ਵੀ ਜਾਰੀ ਕੀਤੀ।ਸਕੂਲ ਦੇ ਮੀਡੀਆ ਇੰਚਾਰਜ ਅਧਿਆਪਕ ਡਾ. ਕੁਲਦੀਪ ਸਿੰਘ ਬਨੂੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ ਸ਼ਹਿਰੀ ਪ੍ਰਧਾਨ ਕੁਲਵਿੰਦਰ ਸਿੰਘ ਭੋਲਾ, ਬਨੂੜ ਨਗਰ ਕੌਂਸਲ ਦੇ ਮੀਤ ਪ੍ਰਧਾਨ ਜਗਦੀਸ਼ ਸਿੰਘ ਕਾਲਾ, ਪੀ.ਟੀ.ਏ ਪ੍ਰਧਾਨ ਸੋਨੀ ਸੰਧੂ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸ੍ਰੀ ਬਲਜੀਤ ਸਿੰਘ, ਅਵਤਾਰ ਸਿੰਘ ਬਬਲਾ ਐੱਮ.ਸੀ, ਰਾਕੇਸ਼ ਕੁਮਾਰ ਐੱਮ.ਸੀ, ਸਕੂਲ ਮੈਨੇਜ਼ਮੈਂਟ ਕਮੇਟੀ ਦੇ ਉਪ-ਚੇਅਰਮੈਨ ਦੀਦਾਰ ਸਿੰਘ, ਹਰਕੀਰਤ ਸਿੰਘ, ਜਗਤਾਰ ਸਿੰਘ, ਮਨਜੀਤ ਸਿੰਘ, ਕੁਲਵਿੰਦਰ ਕੌਰ, ਸ੍ਰੀਮਤੀ ਮੰਜੂ ਤਿਵਾੜੀ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਬਲਜੀਤ ਪਹਾੜਾਂ ਦੇ ਪ੍ਰਧਾਨ ਬਣਨ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਚ ਆਵੇਗੀ ਤੇਜੀ-ਰੰਜੂ ਸ਼ਰਮਾ




**ਗੁਰਦਾਸਪੁਰ/ਨਵਨੀਤ ਕੁਮਾਰ/ ਜਤਿੰਦਰ ਕੁਮਾਰ**

ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰੰਜੂ ਸ਼ਰਮਾ ਨੇ ਨਗਰ ਕੌਂਸਲ ਗੁਰਦਾਸਪੁਰ ਦੇ ਨਵ ਨਿਯੁਕਤ ਪ੍ਰਧਾਨ ਬਲਜੀਤ ਸਿੰਘ ਪਾਹੜਾ ਵਲੋਂ ਕਾਰਜ ਭਾਰ ਸੰਭਾਲਣ ਸਮੇਂ ਉਨ੍ਹਾਂ ਅਤੇ ਵਿਧਾਇਕ ਬਰਿੰਦਰਮੀਤ ਸਿੰਘ ਪਹਾੜਾਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ।ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰੰਜੂ ਸ਼ਰਮਾ ਨੇ ਕਿਹਾ ਕਿ ਬਲਜੀਤ ਸਿੰਘ ਪਾਹੜਾ ਇਕ ਹਰਮਨ ਪਿਆਰੇ ਨੇਤਾ ਹਨ ਅਤੇ ਹੁਣ ਉਨ੍ਹਾਂ ਦੇ ਪ੍ਰਧਾਨ ਬਣਨ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਆਵੇਗੀ ਉਨ੍ਹਾਂ ਨੇ ਕਿਹਾ ਕਿ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਨੇ ਲੋਕ ਭਲਾਈ ਲਈ ਰਾਜਨੀਤੀ ਕੀਤੀ ਹੈ ਅਤੇ ਸ਼ਹਿਰ ਦਾ ਵਿਕਾਸ ਬਿਨਾਂ ਭੇਦਭਾਵ ਦੇ ਕਰਵਾਇਆ ਹੈ ਜਿਸ ਕਾਰਨ ਸ਼ਹਿਰ ਨਿਵਾਸੀਆਂ ਵਿਚ ਖੁਸ਼ੀ ਦਾ ਮਾਹੌਲ ਹੈ ਇਸ ਮੌਕੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਚੇਅਰਮੈਨ ਲੇਬਰ ਸੈੱਲ ਪੰਜਾਬ ਗੁਰਮੀਤ ਸਿੰਘ ਪਾਹੜਾ ਆਦਿ ਹਾਜ਼ਰ ਸਨ।

# ਝੁੱਗੀਆਂ ਵਿੱਚ ਰਹਿ ਰਹੇ ਵਿਦਿਆਰਥੀਆਂ ਨੂੰ ਵੰਡੀ ਗਈ ਪੜ੍ਹਾਈ ਵਿੱਚ ਸਹਾਇਕ ਸਾਮਗਰੀ



**ਕਪੂਰਥਲਾ/ਪਰਮਜੀਤ ਸੰਨੀ**

ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਕਰਤਾਰਪੁਰ ਦਾਣਾ ਮੰਡੀ ਵਿੱਚ ਝੁੱਗੀਆਂ ਵਿੱਚ ਰਹਿ ਰਹੇ ਵੱਖ ਵੱਖ ਸਕੂਲਾਂ ਵਿੱਚ ਪੜ ਰਹੇ ਵਿਦਿਆਰਥੀਆਂ ਨੂੰ ਪੜ੍ਹਾਈ ਵਿੱਚ ਸਹਾਇਕ ਸਟੇਸ਼ਨਰੀ ਵੰਡੀ। ਇਸ ਮੌਕੇ ਸੰਸਥਾ ਦੇ ਮਾਸਟਰ ਅਮਰੀਕ ਸਿੰਘ ਨੇ ਸਾਰੇ ਵਿਦਿਆਰਥੀ ਨੂੰ ਵੱਧ ਤੋਂ ਵੱਧ ਪੜਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਉਨ੍ਹਾਂ ਦੀ ਪੜ੍ਹਾਈ ਲਈ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ। ਇਸ ਮੌਕੇ ਸੰਸਥਾ ਦੇ ਮਾਸਟਰ ਅਮਰੀਕ ਸਿੰਘ, ਹਨੀਸ਼ ਧੀਮਾਨ, ਸਭੁਪਿੰਦਰ ਸਿੰਘ ਮਾਹੀ, ਪਰਮਹੰਸ ਮਹਿਤਾ, ਸਿਤਾਂਸ਼ੂ ਜੋਸ਼ੀ , ਸੁਨੀਤ ਕੁਮਾਰ, ਆਦਿ ਹਾਜ਼ਰ ਸਨ।

# ਜਲਦ ਹੀ ਆਪਣੇ ਨਵੇਂ ਗੀਤ "ਸਿੰਗਲ" ਨਾਲ ਦਰਸ਼ਕਾ ਦੇ ਰੂਬਰੂ ਹੋਵੇਗਾ ਪੰਜਾਬੀ ਗਾਇਕ ਵਿੱਕੀ ਮਾਨ

**ਲੁਧਿਆਣਾ/ਸੁਖਚੈਨ ਮਹਿਰਾ**

ਰਸੂਲਪੁਰ ਕਲਾ ਜਲੰਧਰ ਦੇ ਉਭਰਦੇ ਹੋਏ ਨੌਜਵਾਨ ਗਾਇਕ ਵਿੱਕੀ ਮਾਨ ਬਹੁਤ ਜਲਦ ਆਪਣਾ ਨਵਾਂ ਗੀਤ "ਸਿੰਗਲ" ਲੈਕੇ ਦਰਸ਼ਕਾ ਦੇ ਰੂਬਰੂ ਹੋਣਗੇ,ਵਿੱਕੀ ਮਾਨ ਨੇ ਦੱਸਿਆ ਕਿ ਉਨ੍ਹਾਂ ਦੇ ਇਸਤੋਂ ਪਹਿਲਾਂ ਪੰਜਾਬੀ ਗੀਤ "ਤੇਰੇ ਕਰਕੇ",ਪੁੱਠੇ ਪੰਗੇ,ਏ ਕੇ ਸੰਤਾਲੀ ਅਤੇ "ਡਾਟਾ ਆਨ" ਆ ਚੁੱਕੇ ਹਨ ਜਿਨ੍ਹਾਂ ਨੂੰ ਦਰਸਕਾਂ ਨੇ ਭਰਪੂਰ ਪਿਆਰ ਬਕਸ਼ਿਆ।ਉਨ੍ਹਾਂ ਦੱਸਿਆ ਕਿ ਉਨਾ ਨੇ ਆਪਣੇ ਕੈਰੀਅਰ ਦੀ ਸ਼ੁਰੂਆਤ 2018 ਵਿੱਚ ਕੀਤੀ ਜਿਸ ਵਿੱਚ ਘਰ ਵਾਲਿਆਂ ਅਤੇ ਯਾਰਾ ਦੋਸਤਾਂ ਨੇ ਫੁੱਲ ਸਪੋਟ ਕੀਤੀ, ਵਿੱਕੀ ਮਾਨ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ੁਰੂਆਤੀ ਸਮੇ ਚ ਕਾਫੀ ਦਿਕਤਾਂ ਦਾ ਸਾਹਮਣਾ ਕਰਨਾ ਪਿਆ ਪਰ ਹੁਣ ਚੰਗੇ ਸਾਥੀ ਮਿਲ ਗਏ ਹਨ ਇਸ ਲਈ ਉਹ ਬਹੁਤ ਜਲਦ ਆਪਣੇ ਚਾਹੁਣ ਵਾਲਿਆਂ ਦੇ ਕੋਲ ਆਪਣੇ ਨਵੇਂ ਗੀਤ ਨਾਲ ਰੂਬਰੂ ਹੋਣਗੇ।ਉਨ੍ਹਾਂ ਨੇ ਆਪਣੇ ਚਾਹੁਣ ਵਾਲਿਆਂ ਨੂੰ ਕਿਹਾ ਕਿ ਜਿਸ ਤਰ੍ਹਾਂ ਉਨਾਂ ਨੇ ਪਹਿਲਾਂ ਮੈਨੂੰ ਸਪੋਟ ਕੀਤੀ ਹੈ।

# 30 ਅਪ੍ਰੈਲ ਦੀ ਪਟਿਆਲਾ ਟਰੈਕਟਰ ਰੈਲੀ ਲਈ ਕਪੂਰਥਲਾ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਰਵਾਨਾ ਹੋਣਗੇ



**ਸੁਲਤਾਨਪੁਰ ਲੋਧੀ/ਲੋਕ ਬਾਣੀ**

ਜੰਮੂ-ਕਟੜਾ ਅਮ੍ਰਿੰਤਸਰ ਅਤੇ ਬਠਿੰਡਾ ਜਾਮਨਗਰ ਐਕਸਪ੍ਰੈਸ ਵੇਅ ਦੇ ਨਾਂ ਤੇ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀਆਂ ਕੀਮਤੀ ਜਮੀਨਾਂ ਨੂੰ ਕੌਡੀਆਂ ਦੇ ਭਾਅ ਹੜੱਪਣ ਲਈ ਕੀਤੀਆਂ ਜਾ ਰਹੀਆਂ ਕੋਝੀਆਂ ਸਾਜਸਿਾਂ ਦੇ ਵਿਰੋਧ ਵਿੱਚ ਰੋਡ ਸੰਘਰਸ ਕਮੇਟੀ ਪੰਜਾਬ ਵੱਲੋਂ 30 ਅਪ੍ਰੈਲ ਨੂੰ ਪਟਿਆਲਾ ਵਿਖੇ ਮੁੱਖ ਮੰਤਰੀ ਦੀ ਰਿਹਾਇਸ ਮੂਹਰੇ ਕੀਤੀ ਜਾਣ ਵਾਲੀ ਵਿਸਾਲ ਟਰੈਕਟਰ ਰੈਲੀ ਦੀਆਂ ਤਿਆਰੀਆਂ ਸਬੰਧੀ ਜਲ੍ਹਿਾ ਸੰਘਰਸ ਕਮੇਟੀ ਦੀ ਮੀਟਿੰਗ ਗੁਰਦੁਆਰਾ ਬਾਬਾ ਦਰਬਾਰਾ ਸਿੰਘ ਜੀ ਟਿੱਬਾ ਵਿਖੇ ਪ੍ਰਧਾਨ ਪ੍ਰਭਦਿਆਲ ਸਿੰਘ ਜੋਸਣ ਦੀ ਅਗਵਾਈ ਹੇਠ ਹੋਈ।ਮੀਟਿੰਗ ਵਿੱਚ ਪਿੰਡ ਪਾਜੀਆਂ ,ਦੁਰਗਾਪੁਰ,ਮੈਰੀਪੁਰ,ਕਾਲਰੂ,ਅਮਾਨੀਪੁਰ, ਟਿੱਬਾ, ਤਲਵੰਡੀ ਚੌਧਰੀਆਂ, ਹੈਬਤਪੁਰ, ਮਸੀਤਾਂ, ਕਾਲੇਵਾਲ, ਗਿੱਲਾਂ ਆਦਿ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਹਾਜਰ ਸਨ।ਇਸ ਮੌਕੇ ਬੋਲਦਿਆਂ ਪ੍ਰਧਾਨ ਪ੍ਰਭਦਿਆਲ ਸਿੰਘ ਜੋਸਣ ਨੇ ਕਿਹਾ ਕਿ ਪਟਿਆਲਾ ਵਿਖੇ ਪਿਛਲੇ ਇੱਕ ਮਹੀਨੇ ਤੋਂ ਕਿਸਾਨਾਂ ਨੇ ਐਕਸਪ੍ਰੈਸ ਵੇਅ ਦੇ ਵਿਰੋਧ ਵਿੱਚ ਮੁੱਖ ਮੰਤਰੀ ਦੀ ਰਿਹਾਇਸ ਨੇੜੇ ਪੱਕਾ ਧਰਨਾ ਲਾਇਆ ਹੋਇਆ ਹੈ।ਪਰ ਸਰਕਾਰ ਵੱਲੋਂ ਲਗਾਤਾਰ ਅਣਗਹਿਲੀ ਵਰਤੀ ਜਾ ਰਹੀ ਹੈ। ਐਕਸਪ੍ਰੈਸ ਵੇਅ ਵਿੱਚ ਆਉਣ ਵਾਲੀ ਜਮੀਨ ਦਾ ਮੁਆਵਜਾ ਬਜਾਰੀ ਕੀਮਤ ਤੋਂ ਬਹੁਤ ਘੱਟ ਮਿਥਿਆ ਜਾ ਰਿਹਾ ਹੈ, ਜਿਸ ਨੂੰ ਕਿਸਾਨ ਕਿਸੇ ਵੀ ਹਾਲਤ ਵਿੱਚ ਬਰਦਾਸਤ ਨਹੀਂ ਕਰਨਗੇ।ਮੀਤ ਪ੍ਰਧਾਨ ਬਖਸੀਸ ਸਿੰਘ ਤਲਵੰਡੀ ਚੌਧਰੀਆਂ ਨੇ ਕਿਹਾ ਕਿ ਕਿਸਾਨਾਂ ਨਾਲ ਹੋ ਧੋਖੇ ਨੂੰ ਦੇਖਦਿਆਂ ਇਸ ਪ੍ਰੋਜੈਕਟ ਨੂੰ ਕੇਂਦਰ ਸਰਕਾਰ ਤਰੁੰਤ ਰੱਦ ਕਰੇ।

ਉਨ੍ਹਾਂ ਨੇ ਕਿਹਾ ਕਿ ਜਲ੍ਹਿਾ ਕਪੂਰਥਲਾ ਦੇ ਕਿਸਾਨ 29 ਅਪ੍ਰੈਲ ਨੂੰ ਸਵੇਰੇ 9.30 ਵਜੇ ਸੈਂਕੜਿਆਂ ਦੀ ਗਿਣਤੀ ਆਪਣੇ ਟਰੈਕਟਰ ਲੈ ਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਪਟਿਆਲਾ ਨੂੰ ਰਵਾਨਾ ਹੋਣਗੇ। ਕਿਸਾਨ ਆਗੂ ਅਮਰਜੀਤ ਸਿੰਘ ਜੇ.ਈ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਲਈ ਬਣਾਏ ਜਾ ਇਸ ਰਹੇ ਇਸ ਰੋਡ ਦਾ ਕਿਸਾਨ ਡੱਟ ਕੇ ਵਿਰੋਧ ਕਰਨਗੇ। ਇਸ ਮੌਕੇ ਸੰਘਰਸ ਕਮੇਟੀ ਨੇ ਐਲਾਨ ਕੀਤਾ ਕਿ ਵੱਡੀ ਗਿਣਤੀ ਵਿੱਚ ਕਿਸਾਨ ਆਪਣੇ ਟਰੈਕਟਰ ਟਰਾਲੀਆਂ ਲੈ ਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਪਟਿਆਲਾ ਨੂੰ ਰਵਾਨਾ ਹੋਣਗੇ।ਇਸ ਮੌਕੇ ਅਮਰਜੀਤ ਸਿੰਘ ਜੇ ਈ ਨੇ ਕਿਹਾ ਕਿਕਿੰਦਰ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਲਈ ਬਣਾਏ ਜਾ ਰਹੇ ਇਹ ਰੋਡ ਕਿਸਾਨ ਇਹਨਾਂ ਦਾ ਡੱਟ ਕੇ ਵਿਰੋਧ ਕਰਨਗੇ।

# ਭਿਆਨਕ ਅੱਗ ਨਾਲ ਸੜੇ ਖੋਖੇ ਮਾਲਕਾਂ ਦੀ ਮਦਦ ਲਈ ਪਹੁੰਚੇ ਪਵਨ ਕੁਮਾਰ ਟੀਨੂੰ ਕੀਤੀ ਆਰਥਿਕ ਮਦਦ



**ਭੋਗਪੁਰ/ਸੁੱਖਵਿੰਦਰ ਜੰਡੀਰ**

ਬੀਤੇ ਦਿਨੀਂ ਭੋਗਪੁਰ ਜੀ ਟੀ ਰੋਡ ਕਨਾਰੇ ਸਬਜੀ ਦੀਆਂ ਦੁਕਾਨਾ ਕਰ ਰਹੇ ਮਜਦੂਰ ਜਿਨ੍ਹਾਂ ਦੇ ਖੋਖੇ ਭਿਆਨਕ ਅੱਗ ਲੱਗ ਜਾਣ ਦੇ ਕਾਰਨ ਸੜ ਕੇ ਸਵਾਹ ਹੋ ਗਏ ਸਨ , ਉਹਨਾਂ ਦੀ ਮੱਦਦ ਵਾਸਤੇ ਪਹੁੰਚੇ ਸ੍ਰੋਮਣੀ ਅਕਾਲੀ ਦੱਲ ਦੇ ਵਿਧਾਇਕ ਸ੍ਰੀ ਪਵਨ ਕੁਮਾਰ ਟੀਨੂੰ , ਉਨ੍ਹਾਂ ਨੇ ਆਪਣੀ ਪੂਰੀ ਟੀਮ ਦੇ ਨਾਲ ਨੁਕਸਾਨ ਹੋਏ ਖੋਖਾ ਮਾਲਕਾਂ ਲਈ ਆਰਥਿਕ ਮਦਦ ਕੀਤੀ ਮੌਕੇ ਤੇ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਮਜਦੂਰ ਗਰੀਬ ਜੋ ਕੇ ਸਬਜੀ ਵੇਚ ਕੇ ਆਪਣਾ ਗੁਜਾਰਾ ਕਰ ਰਹੇ ਸਨ , ਅਤੇ ਭਿਆਨਕ ਅੱਗ ਲੱਗਣ ਦੇ ਨਾਲ ਉਨ੍ਹਾਂ ਦਾ ਬਹੁਤ ਜਿਆਦਾ ਨੁਕਸਾਨ ਹੋਇਆ , ਅਤੇ ਉਨ੍ਹਾਂ ਦਾ ਰੁਜਗਾਰ ਬੰਦ ਹੋ ਗਿਆ ਉਨ੍ਹਾਂ ਕਿਹਾ ਇਸ ਵਕਤ ਕਰੋਨਾ ਜੈਸੀ ਭਿਆਨਕ ਬਿਮਾਰੀ ਦੇ ਹਲਾਤਾਂ ਤੇ ਇਹਨਾਂ ਦੀ ਮਦਦ ਕਰਨਾ ਬਹੁਤ ਹੀ ਜਰੂਰੀ ਹੈ, ਤਾਂ ਕੇ ਰੋਜਗਾਰ ਤੋਂ ਵਿਹਲੇ ਹੋਏ ਮਜਦੂਰ ਆਪਣਾ ਦੁਆਰਾ ਰੁਜਗਾਰ ਚਲਾ ਸਕਣ ਇਸ ਮੌਕੇ ਤੇ ਪਵਨ ਕੁਮਾਰ ਟੀਨੂੰ ਦੇ ਨਾਲ ਪਰਵਿੰਦਰ ਸਿੰਘ ਕਰਵਲ , ਹਰਵਰਿੰਦਰਜੀਤ ਸਿੰਘ ਸਿੱਧੂ , ਹਰਬਲਿੰਦਰ ਸਿੰਘ ਬਲੀਨਾਂ ਸੁਖਜੀਤ ਸਿੰਘ ਅਕਾਲੀਦੱਲ ਆਦਿ ਹਾਜਰ ਸਨ।

# ਡਾ. ਅਰਮਨਪ੍ਰੀਤ ਦਾ ਗੀਤ 'ਸਕੂਲੇ ਆਪਾਂ ਚੱਲੀਏ' ਗੀਤ ਰਿਲੀਜ



**ਹੁਸਿਆਰਪੁਰ/ਲੋਕ ਬਾਣੀ**

ਨਵੇਂ ਵਿੱਦਿਅਕ ਸੈਸਨ ਲਈ ਚੱਲ ਰਹੀ ਦਾਖਲਾ ਮੁਹਿੰਮ ਨੂੰ ਸਮਰਪਿਤ ਡਾ. ਅਰਮਨਪ੍ਰੀਤ ਵੱਲੋਂ ਲਿਖੇ ਅਤੇ ਗਾਏ ਪ੍ਰੇਰਣਾਦਾਇਕ ਗੀਤ 'ਸਕੂਲੇ ਆਪਾਂ ਚੱਲੀਏ' ਨੂੰ ਅੱਜ ਸ. ਗੁਰਸਰਨ ਸਿੰਘ ਜਿਲ੍ਹਾ ਸਿੱਖਿਆ ਅਫਸਰ (ਸੈ. ਸਿੱ.) ਅਤੇ ਇੰਜੀ. ਸੰਜੀਵ ਗੌਤਮ ਜਿਲ੍ਹਾ ਸਿੱਖਿਆ ਅਫਸਰ (ਐਲੀ. ਸਿੱ.) ਹੁਸਆਿਰਪੁਰ ਵੱਲੋਂ ਰਿਲੀਜ ਕੀਤਾ ਗਿਆ। ਇਸ ਮੌਕੇ ਸ. ਗੁਰਸਰਨ ਸਿੰਘ ਨੇ ਕਿਹਾ ਕਿ ਡਾ. ਅਰਮਨਪ੍ਰੀਤ ਦਾ ਇਹ ਉਪਰਾਲਾ ਬੇਹੱਦ ਸਲਾਘਾਯੋਗ ਹੈ ਅਤੇ ਇਸ ਰਾਹੀਂ ਸਰਕਾਰੀ ਸਕੂਲਾਂ ਵਿੱਚ ਚਲ ਰਹੀ ਦਾਖਲਾ ਮੁਹਿੰਮ ਨੂੰ ਹੋਰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਬਤੌਰ ਅਧਿਆਪਕ ਅਤੇ ਜਿਲ੍ਹਾ ਮੈਂਟਰ ਪੰਜਾਬ ਡਾ. ਅਰਮਨਪ੍ਰੀਤ ਵੱਲੋਂ ਆਪਣੀ ਲੇਖਣੀ ਅਤੇ ਗਾਇਕੀ ਰਾਹੀਂ ਰੌਚਕ ਅੰਦਾਜ ਵਿੱਚ ਸਰਕਾਰੀ ਸਕੂਲਾਂ ਦੀਆਂ ਵਿਸੇਸਤਾਵਾਂ ਨੂੰ ਬਾਖੂਬੀ ਪੇਸ ਕੀਤਾ ਗਿਆ ਹੈ। ਇੰਜੀ. ਸੰਜੀਵ ਗੌਤਮ ਜਿਲ੍ਹਾ ਸਿੱਖਿਆ ਅਫਸਰ (ਐਲੀ. ਸਿੱ.) ਹੁਸਆਿਰਪੁਰ ਨੇ ਕਿਹਾ ਕਿ ਇਸ ਗੀਤ ਰਾਹੀਂ ਸਮਾਜ ਨੂੰ ਇੱਕ ਸਕਾਰਤਾਮਕ ਸੁਨੇਹਾ ਦਿੰਦਿਆਂ ਗਾਇਕੀ ਅਤੇ ਗੀਤਕਾਰੀ ਵਿੱਚ ਵਿਸੇਸ ਰੁਚੀ ਰੱਖਣ ਵਾਲੇ ਅਧਿਆਪਕ ਡਾ. ਅਰਮਨਪ੍ਰੀਤ ਆਪਣੇ ਉਪਰਾਲੇ ਵਿੱਚ ਪੂਰੀ ਤਰਾਂ ਸਫਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਵਿੱਚ ਸਕੂਲਾਂ ਦੀ ਨੁਹਾਰ ਬਦਲਣ ਤੋਂ ਲੈ ਕੇ ਗੁਣਾਤਮਕ ਸਿੱਖਿਆ ਮੁਹੱਈਆ ਕਰਵਾਉਣ ਤੱਕ ਜਜਬਾ ਕਾਬਿਲੇ ਤਾਰੀਫ ਹੈ ਅਤੇ ਵਿਦਿਆਰਥੀਆਂ ਦੇ ਚਹੁਮੁਖੀ ਵਿਕਾਸ ਦੇ ਮੰਤਵ ਨਾਲ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਸੁਚਾਰੂ ਢੰਗ ਨਾਲ ਲਾਭ ਉਠਾਇਆ ਜਾ ਰਿਹਾ ਹੈ। ਡਾ. ਅਰਮਨਪ੍ਰੀਤ ਨੇ ਇਸ ਮੌਕੇ ਸਿੱਖਿਆ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦਾ ਰੌਸਨ ਭਵਿੱਖ ਅਤੇ ਸਕੂਲ ਸਿੱਖਿਆ ਨੂੰ ਹੋਰ ਰੌਚਕ ਬਣਾਉਣ ਲਈ ਇਹ ਕੋਸਸਿ ਕੀਤੀ ਗਈ ਹੈ। ਜਿਕਰਯੋਗ ਹੈ ਕਿ ਡਾ. ਅਰਮਨਪ੍ਰੀਤ ਵੱਲੋਂ ਇਸ ਤੋਂ ਪਹਿਲਾਂ ਸਾਲਾਨਾ ਪ੍ਰੀਖਿਆਵਾਂ ਮੌਕੇ 'ਮੈਰਿਟ ਵਿੱਚ ਆਉਣਾ' ਗੀਤ ਪੇਸ ਕੀਤਾ ਗਿਆ ਸੀ ਅਤੇ ਇਸ ਤੋਂ ਇਲਾਵਾ ਇੱਕ ਬਾਲ-ਪੁਸਤਕ 'ਚਿੜੀ ਪ੍ਰਾਹੁਣੀ' ਵੀ ਪ੍ਰਕਾਸਤਿ ਕੀਤੀ ਗਈ ਹੈ। ਇਸ ਮੌਕੇ ਰਾਕੇਸ ਕੁਮਾਰ ਉਪ ਜਿਲ੍ਹਾ ਸਿੱਖਿਆ ਅਫਸਰ (ਸੈ. ਸਿੱ.), ਸੁਖਵਿੰਦਰ ਸਿੰਘ ਉਪ ਜਿਲ੍ਹਾ ਸਿੱਖਿਆ ਅਸਫਰ (ਐਲੀ. ਸਿੱ.), ਪ੍ਰਿੰ. ਸੈਲੇਂਦਰ ਠਾਕੁਰ ਇੰਚਾਰਜ ਜਿਲ੍ਹਾ ਸਿੱਖਿਆ ਸੁਧਾਰ ਟੀਮ ਤੋਂ ਇਲਾਵਾ ਅਸੋਕ ਪੁਰੀ ਉੱਘੇ ਅਭਿਨੇਤਾ ਤੇ ਨਿਰਦੇਸਕ, ਬਲਜਿੰਦਰ ਮਾਨ ਸੰਪਾਦਕ ਨਿੱਕੀਆਂ ਕਰੂੰਬਲਾਂ, ਸੁਖਜੀਤ ਝਾਂਸਾਂਵਾਲਾ ਉੱਘੇ ਗੀਤਕਾਰ, ਰਜਨੀ ਬਾਲਾ, ਨਰਿੰਦਰ ਅਰੋੜਾ ਸਮੇਤ ਕਈ ਹੋਰ ਸਖਸੀਅਤਾਂ ਹਾਜਰ ਸਨ।

# ਪੰਜਾਬ ਸਰਕਾਰ ਵੱਲੋਂ ਤਹਿਸੀਲਦਾਰਾਂ ਦੇ ਤਬਾਦਲੇ ਅਤੇ ਨਿਯੁਕਤੀਆਂ ਤੁਰੰਤ ਚਾਰਜ ਸੰਭਾਲਣ ਲਈ ਕਿਹਾ

**ਭੋਗਪੁਰ/ਸੁੱਖਵਿੰਦਰ ਜੰਡੀਰ**

ਪੰਜਾਬ ਸਰਕਾਰ ਵੱਲੋਂ 6 ਤਹਿਸੀਲਦਾਰਾਂ ਦੇ ਤਬਾਦਲੇ ਅਤੇ ਨਿਯੁਕਤੀਆਂ ਕੀਤੀਆਂ ਗਈਆਂ ਹਨ , ਜਿਨ੍ਹਾਂ ਵਿਚ ਮਨਮੋਹਨ ਕੁਮਾਰ ਰਾਜਪੁਰਾ, ਜਗਰਾਉਂ ਵਾਧੂ ਚਾਰਜ ਨਾਇਬ ਤਹਿਸੀਲਦਾਰ ਜਗਰਾਉਂ , ਜੀਵਨ ਕੁਮਾਰ ਗਰਗ, ਜਗਰਾਉਂ ਤੋਂ ਸਬ ਰਜਿਸਟਰਾਰ ਪਟਿਆਲਾ , ਬਲਜਿੰਦਰ ਸਿੰਘ ਜਲੰਧਰ , 2 ਤੋਂ ਐਸ.ਬੀ.ਐਸ ਨਗਰ , ਕੁਲਵੰਤ ਸਿੰਘ ਐਸ.ਬੀ.ਐਸ ਨਗਰ , ਜਲੰਧਰ 2 ਰਕੇਸ ਕੁਮਾਰ ਸ੍ਰੀ ਮੁਕਤਸਰ ਸਾਹਿਬ ਤੋਂ ਰਾਮਪੁਰਾ ਫੂਲ , ਅਮਰਜੀਤ ਸਿੰਘ ਰਾਮਪੁਰਾ ਫੂਲ ਤੋਂ , ਮਾਨਸਾ ਵਾਧੂ ਚਾਰਜ, ਬੁਢਲਾਧਾ ਦਿੱਤਾ ਗਿਆ ਹੈ, ਅਤੇ ਸਾਰੇ ਅਧਿਕਾਰੀਆਂ ਨੂੰ ਤੁਰੰਤ ਚਾਰਜ ਸੰਭਾਲਣ ਲਈ ਕਿਹਾ ਗਿਆ ਹੈ।

# ਗੁਰਦਾਸਪੁਰ ਵਿੱਚ ਸਮੇਂ ਸਿਰ ਬੰਦ ਹੋਇਆ ਬਾਜ਼ਾਰ



**ਗੁਰਦਾਸਪੁਰ/ਨਵਨੀਤ ਕੁਮਾਰ**

ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਤੇ ਗੁਰਦਾਸਪੁਰ ਦੇ ਦੁਕਾਨਦਾਰਾਂ ਨੇ ਬਾਜ਼ਾਰ ਸਮੇਂ ਸਿਰ ਬੰਦ ਕਰ ਦਿੱਤਾ ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੀਆਂ ਹਦਾਇਤਾਂ ਅਨੁਸਾਰ ਸ਼ਾਮ ਪੰਜ ਵਜੇ ਇਨ੍ਹਾਂ ਦੁਕਾਨਾਂ ਦੇ ਬੰਦ ਕਰਨ ਦਾ ਸਮਾਂ ਹੈ ਜਦ ਕਿ ਸ਼ਾਮ ਛੇ ਵਜੇ ਤੋਂ ਸਵੇਰੇ ਪੰਜ ਵਜੇ ਤੱਕ ਨਾਈਟ ਕਰਫਿਊ ਦਾ ਸਮਾਂ ਹੈ ਇਸ ਤੇ ਸ਼ਹਿਰ ਦੇ ਦੁਕਾਨਦਾਰਾਂ ਤੇ ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਦਾ ਸਹਿਯੋਗ ਕਰਦੇ ਹੋਏ ਆਪਣਾ ਕੰਮ ਸਮੇਂ ਸਿਰ ਸਮੇਟ ਲਿਆ ਪੰਜ ਵਜੇ ਨਾਲ ਸਾਰਾ ਬਾਜ਼ਾਰ ਬੰਦ ਹੋ ਚੁੱਕਿਆ ਸੀ ਮਗਰ ਸੜਕਾਂ ਉੱਤੇ ਆਵਾਜਾਈ ਆਮ ਹੀ ਵੇਖੀ ਗਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰਦਾਸਪੁਰ ਵਾਸੀਆਂ ਨੂੰ ਬਾਰ ਬਾਰ ਬੇਨਤੀ ਕੀਤੀ ਜਾ ਰਹੀ ਹੈ ਕਿ ਉਹ ਆਪਣੇ ਘਰਾਂ ਵਿੱਚ ਰਹਿਣ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ ਤਾਂ ਜੋ ਇਸ ਬਿਮਾਰੀ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ ਅਤੇ ਸ਼ਹਿਰ ਨੂੰ ਇਸ ਬਿਮਾਰੀ ਤੋਂ ਬਚਾਇਆ ਜਾ ਸਕੇ।

# ਕੋਰੋਨਾ ਵਾਇਰਸ ਦੇ ਚਲਦਿਆਂ ਪੁਲਿਸ ਵੱਲੋਂ ਕੀਤੀ ਗਈ ਸਖਤੀ ਦੇ ਬਾਵਜੂਦ ਵੀ ਗੁਰਦਾਸਪੁਰ ਵਿੱਚ ਲੁਟੇਰਿਆਂ ਨੇ ਲੁੱਟ ਦੀ ਵਰਦਾਤ ਨੂੰ ਦਿੱਤਾ ਅੰਜਾਮ

**ਗੁਰਦਾਸਪੁਰ/ ਨਵਨੀਤ ਕੁਮਾਰ**



ਕੋਰੋਨਾ ਵਾਇਰਸ ਦੇ ਚਲਦਿਆਂ ਪੁਲਿਸ ਵੱਲੋਂ ਕੀਤੀ ਗਈ ਸਖਤੀ ਦੇ ਬਾਵਜੂਦ ਵੀ ਲਗਾਤਾਰ ਚੋਰਾਂ ਅਤੇ ਲੁਟੇਰਿਆਂ ਵੱਲੋਂ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ ਤਾਜ਼ਾ ਮਾਮਲਾ ਗੁਰਦਾਸਪੁਰ ਦਾ ਹੈ ਜਿੱਥੇ ਦੋ ਲੁਟੇਰਿਆਂ ਨੇ ਰਿਵਾਇਤੀ ਹਥਿਯਾਰਾਂ ਦੀ ਨੋਕ ਇਕ ਨਿੱਜੀ ਫਾਇਨੈਂਸ ਕੰਪਨੀ ਦੇ 2 ਕਰਮਚਾਰੀਆਂ ਤੋਂ 2 ਲੱਖ 44 ਹਜ਼ਾਰ ਦੀ ਲੁੱਟ ਕੀਤੀ ਹੈ ਫਿਲਹਾਲ ਪੁਲਿਸ ਵੱਲੋਂ ਮਾਮਲਾ ਦਰਜ ਕਰ ਲੁਟੇਰਿਆਂ ਨੂੰ ਕਾਬੂ ਕਰਨ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਆਸ ਪਾਸ ਦੇ ਸੀਸੀਟੀਵੀ ਕੈਮਰਿਆਂ ਨੂੰ ਖਾਂਗਾਲਿਆ ਜਾ ਰਿਹਾ ਹੈ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਫਾਇਨੈਂਸ ਕੰਪਨੀ ਦੇ ਮੈਨੇਜਰ ਰਜਿੰਦਰ ਕੁਮਾਰ ਨੇ ਦੱਸਿਆ ਕਿ ਉਹ ਅਤੇ ਉਸਦਾ ਸਾਥੀ ਰੋਜ਼ਾਨਾਂ ਦੀ ਤਰ੍ਹਾਂ ਮਾਰਕੀਟ ਵਿਚੋਂ ਉਗਰਾਹੀ ਕਰਕੇ 2 ਲੱਖ 40 ਹਜ਼ਾਰ ਰੁਪਏ ਦੇ ਕਰੀਬ ਨਗਦੀ ਲੈਕੇ ਬੈਂਕ ਵਿਚ ਜਮ੍ਹਾ ਕਰਵਾਉਣ ਲਈ ਜਾ ਰਹੇ ਸੀ ਜਦੋਂ ਉਹ ਨਬੀਪੁਰ ਰੋਡ ਨੇੜੇ ਪਹੁੰਚੇ ਤਾਂ ਘਟਨਾ ਸਥਲ ਤੇ ਪਹੁੰਚੇ ਗਏ ਹਨ ਅਤੇ ਮਾਮਲੇ ਦੀ ਜਾਂਚ ਪੜਤਾਲ ਕੀਤੀ ਜਾ ਰਹੀ ਹੈ ਉਹਨਾਂ ਕਿ ਫਾਇਨੈਂਸ ਕੰਪਨੀ ਦੇ ਕਰਮਚਾਰੀਆਂ ਨੇ ਦਸਿਆ ਹੈ ਕਿ ਉਹਨਾਂ ਦੇ ਨਾਲ 2 ਲੱਖ 40 ਹਜ਼ਾਰ ਰੁਪਏ ਦੀ ਲੁੱਟ ਹੋਈ ਹੈ ਮਾਮਲਾ ਦਰਜ ਕਰ ਆਸ ਪਾਸ ਦੇ ਸੀਸੀਟੀਵੀ ਕੈਮਰਿਆਂ ਨੂੰ ਖਾਂਗਾਲਿਆ ਜਾ ਰਿਹਾ ਹੈ ਲੁਟੇਰਿਆਂ ਨੂੰ ਜਲਦ ਗਿਰਫ਼ਤਾਰ ਕਰ ਲਿਆ ਜਾਵੇਗਾ। ਮੋਟਰਸਾਈਕਲ ਤੇ ਸਵਾਰ ਪਿੱਛੇ ਤੋਂ ਆਏ ਦੋ ਲੁਟੇਰਿਆਂ ਨੇ ਉਹਨਾਂ ਨੂੰ ਰੋਕ ਕੇ ਰਿਵਾਇਤੀ ਹਥਿਆਰਾਂ ਦੀ ਨੋਕ ਤੇ ਉਹਨਾਂ ਦੇ ਕੋਲੋ ਨਕਦੀ ਵਾਲਾ ਬੈਗ ਖੋਹ ਲਿਆ ਅਤੇ ਮੌਕੇ ਤੋਂ ਫ਼ਰਾਰ ਹੋ ਗਏ ਉਨ੍ਹਾਂ ਦੱਸਿਆ ਕਿ ਬੈਗ ਵਿੱਚ 2 ਲੱਖ 40 ਹਜ਼ਾਰ ਰੁਪਏ ਸ਼ਨ ਫਿਲਹਾਲ ਇਸ ਮਾਮਲੇ ਵਿੱਚ ਪੁਲੀਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਪੁਲੀਸ ਵੱਲੋਂ ਜਾਂਚ ਪੜਤਾਲ ਕੀਤੀ ਜਾ ਰਹੀ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐਸ.ਪੀ ਗੁਰਦਾਸਪੁਰ ਰਜੇਸ਼ ਕੱਕੜ ਨੇ ਦੱਸਿਆ ਕਿ ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਉਹ

# ਭਾਜਪਾ ਆਗੂਆਂ ਦਾ ਇਕ ਵਫਦ ਡੀਸੀ ਪਠਾਨਕੋਟ ਨੂੰ ਮਿਲਿਆ



**ਪਠਾਨਕੋਟ/ਸ਼ਾਹਪੁਰਕੰਢੀ/ਸੁਖਵਿੰਦਰ ਜੰਡੀਰ**

ਪਠਾਨਕੋਟ ਵਿੱਚ ਭਾਜਪਾ ਆਗੂਆਂ ਦਾ ਇਕ ਵਫਦ ਭਾਜਪਾ ਦੇ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ ਦੀ ਅਗਵਾਈ ਵਿੱਚ ਪਠਾਨਕੋਟ ਦੇ ਡੀਸੀ ਸੰਯਮ ਅਗਰਵਾਲ ਨੂੰ ਮਿਲਿਆ ਤੇ ਕੋਰੋਨਾ ਕਾਲ ਦੌਰਾਨ ਕੇਂਦਰ ਸਰਕਾਰ ਵੱਲੋਂ ਗ਼ਰੀਬ ਲੋਕਾਂ ਲਈ ਦਿੱਤੇ ਜਾ ਰਹੇ ਦੋ ਮਹੀਨੇ ਦੇ ਰਾਸ਼ਨ ਨੂੰ ਸਰਕਾਰੀ ਰਾਸ਼ਨ ਡਿੱਪੂਆਂ ਤੋਂ ਦੇਣ ਦੀ ਮੰਗ ਕੀਤੀ ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ ਨੇ ਦੱਸਿਆ ਕਿ ਕੋਰੋਨਾ ਕਾਲ ਦੇ ਪਹਿਲੇ ਦੌਰ ਵਿੱਚ ਜਦੋਂ ਇਹ ਮਹਾਂਮਾਰੀ ਆਪਣੇ ਪੂਰੇ ਸਿਖਰ ਤੇ ਸੀ ਉਸ ਸਮੇਂ ਇਸ ਮਹਾਂਮਾਰੀ ਤੇ ਕਾਬੂ ਪਾਉਣ ਲਈ ਕੇਂਦਰ ਸਰਕਾਰ ਵੱਲੋਂ ਦੇਸ਼ ਵਿੱਚ ਲੋਕ ਡਾਊਨ ਕੀਤਾ ਗਿਆ ਸੀ ਉਨ੍ਹਾਂ ਦੱਸਿਆ ਕਿ ਉਸ ਸਮੇਂ ਕੇਂਦਰ ਸਰਕਾਰ ਵੱਲੋਂ ਗ਼ਰੀਬ ਲੋਕਾਂ ਦੀ ਮਦਦ ਲਈ ਲੋਕਾਂ ਨੂੰ ਮੁਫਤ ਰਾਸ਼ਨ ਭੇਜਿਆ ਗਿਆ ਸੀ ਪਰ ਉਹ ਰਾਸ਼ਨ ਲੋੜਵੰਦ ਲੋਕਾਂ ਤਕ ਸਹੀ ਢੰਗ ਨਾਲ ਨਹੀਂ ਪਹੁੰਚ ਸਕਿਆ ਉਨ੍ਹਾਂ ਕਿਹਾ ਕਿ ਹੁਣ ਜਦੋਂ ਇੱਕ ਵਾਰ ਫਿਰ ਇਹ ਮਹਾਂਮਾਰੀ ਆਪਣੇ ਦੂਜੇ ਦੌਰ ਵਿੱਚ ਸ਼ਿਖਰ ਤੇ ਹੈ ਤੇ ਜਿਸ ਉੱਤੇ ਕਾਬੂ ਪਾਉਣ ਲਈ ਸਰਕਾਰ ਵੱਲੋਂ ਹਦਾਇਤਾਂ ਵੀ ਜਾਰੀ ਕੀਤੀਆਂ ਜਾ ਰਹੀਆਂ ਹਨ ਤੇ ਇਕ ਵਾਰ ਫਿਰ ਕੇਂਦਰ ਸਰਕਾਰ ਵੱਲੋਂ ਲੋੜਵੰਦਾਂ ਲਈ ਮੁਫਤ ਰਾਸ਼ਨ ਭੇਜਿਆ ਜਾ ਰਿਹਾ ਹੈ ਜੋ ਕਿ ਮਈ ਮਹੀਨੇ ਵਿੱਚ ਲੋਕਾਂ ਤਕ ਪਹੁੰਚਾਉਣਾ ਸ਼ੁਰੂ ਕਰ ਦਿੱਤਾ ਜਾਵੇਗਾ ਡੀਸੀ ਸਾਹਿਬ ਅੱਗੇ ਮੰਗ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਸ ਵਾਰ ਇਹ ਰਾਸ਼ਨ ਸਰਕਾਰੀ ਰਾਸ਼ਨ ਡਿੱਪੂਆਂ ਤੋਂ ਹੀ ਦਿੱਤਾ ਜਾਵੇ ਤਾਂ ਜੋ ਇਹ ਰਾਸ਼ੀ ਬਿਨਾਂ ਕਿਸੇ ਪੱਖਪਾਤ ਗਰੀਬ ਲੋਕਾਂ ਤਕ ਪਹੁੰਚ ਸਕੇ ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਜੋ ਆਯੁਸ਼ਮਾਨ ਕਾਰਡ ਦੀ ਸਹੂਲਤ ਦਿੱਤੀ ਜਾ ਰਹੀ ਹੈ ਉਨ੍ਹਾਂ ਦੱਸਿਆ ਕਿ ਪਠਾਨਕੋਟ ਦੇ ਕਈ ਹਸਪਤਾਲ ਉਸ ਆਯੁਸ਼ਮਾਨ ਕਾਰਡ ਸਕੀਮ ਹੇਠਾਂ ਆਉਂਦੇ ਹਨ ਉਨ੍ਹਾਂ ਕਿਹਾ ਕਿ ਪਠਾਨਕੋਟ ਦੇ ਬਹੁਤ ਸਾਰੇ ਹਸਪਤਾਲਾਂ ਨੇ ਉਸ ਸਕੀਮ ਵਿੱਚੋਂ ਆਪਣਾ ਨਾਂ ਕਟਵਾ ਲਿਆ ਹੈ ।

# ਬਾਰਦਾਨੇ ਦੀ ਕਮੀ ਨੂੰ ਲੈ ਕੇ ਕਿਸਾਨਾਂ ਦਿੱਤਾ ਡੀਸੀ ਦਫਤਰ ਧਰਨਾ

**ਗੁਰਦਾਸਪੁਰ/ਨਵਨੀਤ ਕੁਮਾਰ/ ਜਤਿੰਦਰ ਕੁਮਾਰ**



ਸੰਯੁਕਤ ਕਿਸਾਨ ਮੋਰਚੇ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਅੱਜ ਬਾਰਦਾਨੇ ਦੀ ਕਮੀ ਅਤੇ ਖਾਤਿਆਂ ਵਿੱਚ ਪੈਸੇ ਨਾ ਪੁੱਜਣ ਅਤੇ ਹੋਰ ਸਮੱਸਿਆਵਾਂ ਬਾਰੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਫਤਰ ਸਾਹਮਣੇ ਸੰਕੇਤਕ ਧਰਨਾ ਦਿੱਤਾ ਗਿਆ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਅਗਰ ਦੋ ਦਿਨ ਤਕ ਮਸਲਾ ਹੱਲ ਨਾ ਹੋਇਆ ਤਾਂ ਅਗਲਾ ਵੱਡਾ ਐਕਸ਼ਨ ਕਰਨ ਲਈ ਵਿਸੇਸ ਮੀਟਿੰਗ ਕਰਕੇ ਫੈਸਲਾ ਲਿਆ ਜਾਵੇਗਾ । ਧਰਨੇ ਦੀ ਪ੍ਰਧਾਨਗੀ ਜਮਹੂਰੀ ਕਿਸਾਨ ਸਭਾ ਦੇ ਬਲਵਿੰਦਰ ਰਵਾਲ, ਪੰਜਾਬ ਕਿਸਾਨ ਯੂਨੀਅਨ ਦੇ ਚਰਨਜੀਤ ਸਿੰਘ ਲੱਖੋਵਾਲ , ਕਿਰਤੀ ਕਿਸਾਨ ਯੂਨੀਅਨ ਦੇ ਦਲਬੀਰ ਸਿੰਘ ਬਹਿਰਾਮਪੁਰ, ਕੁੱਲ ਹਿੰਦ ਕਿਸਾਨ ਸਭਾ ਦੇ ਹਰਚਰਨ ਸਿੰਘ ਸਿੱਧਪੁਰ , ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੇ ਐੱਸ ਪੀ ਸਿੰਘ ਗੋਸਲ, ਕਿਸਾਨ ਤੇ ਜਵਾਨ ਭਲਾਈ ਦੇ ਮੰਗਲ ਸਿੰਘ ਭੋਜਰਾਜ , ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਬਲਬੀਰ ਸਿੰਘ ਬੈਂਸ ,ਕੁੱਲ ਹਿੰਦ ਕਿਸਾਨ ਸਭਾ ਦੇ ਅਮਰਜੀਤ ਸਿੰਘ ਸੈਣੀ ਆਦਿ ਨੇ ਸਾਂਝੇ ਤੌਰ ਤੇ ਕੀਤੀ ।ਇਸ ਮੌਕੇ ਸੁਖਦੇਵ ਸਿੰਘ ਭੋਜਰਾਜ, ਮੱਖਣ ਸਿੰਘ ਕੁਹਾੜ ,ਸੁਖਦੇਵ ਸਿੰਘ ਭਾਗੋਕਾਵਾਂ ,ਸਤਬੀਰ ਸਿੰਘ ਮੁਲਤਾਨੀ, ਕੁਲਬੀਰ ਸਿੰਘ ਗੁਰਾਇਆ, ਅਮਰਜੀਤ ਸੈਣੀ ,ਹਰਦੀਪ ਸਿੰਘ ਮੁਸਤਫਾਬਾਦ ,ਮੇਜਰ ਸਿੰਘ ਰੋੜਾਂਵਾਲੀ , ਗੁਰਮੀਤ ਸਿੰਘ ਛੀਨਾ, ਰਾਮ ਸਿੰਘ ਨਵਾਂ ਪਿੰਡ , ਮੱਖਣ ਸਿੰਘ ਤਿੱਬਡ ਆਦਿ ਨੇ ਸਪੱਸ਼ਟ ਕੀਤਾ ਸਾਡਾ ਯੁੱਧ ਕਾਲੇ ਕਾਨੂੰਨ ਰੱਦ ਕਰਾਉਣ ਐੱਮ.ਐੱਸ.ਪੀ ਨੂੰ ਕਾਨੂੰਨੀ ਦਰਜਾ ਦੇਣ ਲਈ ਚੱਲ ਰਿਹਾ ਹੈ ਪਰੰਤੂ ਸਰਕਾਰਾਂ ਕਿਸਾਨਾਂ ਨੂੰ ਬਾਰਦਾਨੇ ਤੇ ਹੋਰ ਮਸਲਿਆਂ ਵਿਚ ਉਲਝਾ ਰਹੀ ਹੈ ਬੁਲਾਰਿਆਂ ਨੇ ਸਪੱਸ਼ਟ ਕੀਤਾ ਕਿ ਅਸਲ ਵਿਚ ਸਰਕਾਰ ਮੰਡੀਕਰਨ ਢਾਂਚੇ ਨੂੰ ਤਬਾਹ ਕਰਨ ਤੇ ਤੁਲੀ ਹੋਈ ਹੈ ਇਸ ਵਿੱਚ ਕੇਂਦਰ ਸਰਕਾਰ ਤੇ ਸੂਬਾਈ ਸਰਕਾਰ ਦੋਨੋਂ ਹੀ ਦੋਸ਼ੀ ਹਨ ਜੋ ਬਾਰਦਾਨੇ ਦਾ ਸਮੇਂ ਸਿਰ ਪ੍ਰਬੰਧ ਨਹੀਂ ਕੀਤਾ ਗਿਆ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੋਰੋਨਾ ਦੇ ਖ਼ਿਲਾਫ਼ ਲੜਨ ਦਾ ਸਭ ਤੋਂ ਵਧੀਆ ਢੰਗ ਲੋਕਾਂ ਦੀ ਰੋਗ ਵਿਰੋਧੀ ਸ਼ਕਤੀ ਕਾਇਮ ਕਰਨ ਨਾਲ ਹੀ ਸੰਭਵ ਹੈ ਪਰ ਭਾਰਤ ਦੇ ਲੋਕਾਂ ਨੂੰ ਭੁੱਖੇ ਸੌਣਾ ਪੈਂਦਾ ਹੈ ਇਸ ਮੌਕੇ ਏ.ਡੀ.ਸੀ ਸ੍ਰੀ ਰਾਹੁਲ ਨੇ ਆ ਕੇ ਮੰਗ ਪੱਤਰ ਲਿਆ ਅਤੇ ਕਿਹਾ ਕਿ ਇਕ ਦੋ ਦਿਨਾਂ ਵਿਚ ਬਾਰਦਾਨੇ ਤੇ ਖਾਤਿਆਂ ਵਿੱਚ ਪੈਸੇ ਪਾਉਣ ਦਾ ਮਸਲਾ ਹੱਲ ਕਰ ਲਿਆ ਜਾਵੇਗਾ ਅਤੇ ਅਤੇ ਰੋਜ਼ਾਨਾ ਬਾਰਦਾਨੇ ਦੇ ਟਰੱਕ ਪੁੱਜ ਰਹੇ ਹਨ ਅਤੇ ਪ੍ਰਸ਼ਾਸਨ ਇਸ ਨੂੰ ਹੋਰ ਤੇਜ਼ੀ ਤੇ ਪਹਿਲ ਦੇ ਆਧਾਰ ਤੇ ਹੱਲ ਕਰੇਗਾ । ਉਧਰ ਰੇਲਵੇ ਸਟੇਸ਼ਨ ਮੋਰਚੇ ਤੇ ਪੰਜਾਬ ਕਿਸਾਨ ਯੂਨੀਅਨ ਵੱਲੋਂ ਪੂਰਨ ਚੰਦ ਹੇਮਰਾਜਪੁਰ , ਰਣਵਿਜੇ ਸਿੰਘ ਬਹਿਰਾਮਪੁਰ , ਮਨੋਹਰ ਸਿੰਘ ਦੀਨਾਨਗਰ ਤੇ ਮਨਪ੍ਰੀਤ ਸਿੰਘ ਭਾਗੋਕਾਵਾਂ ਭੁੱਖ ਹੜਤਾਲ ਰੱਖੀ ।

## ਜਿਲ੍ਹਾ ਸਿੱਖਿਆ ਅਫਸਰ ਤਰਨਤਾਰਨ ਦੇ ਜੋਸ ਸਦਕਾ ਦਾਖਲਾ ਮੁਹਿੰਮ ਨੇ ਫੜੀ ਰਫਤਾਰ

**ਤਰਨਤਾਰਨ/ਮਨਜੀਤ ਸੰਧੂ, ਗੁਰਮੀਤ ਸੰਧੂ, ਭਗਤ ਸਿੰਘ ਸੰਧੂ**



ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਦਾਖਲਾ ਵਧਾਉਣ ਲਈ ਸਿੱਖਿਆ ਵਿਭਾਗ ਦੇ ਹਰ ਅਧਿਕਾਰੀ, ਸਕੂਲ ਮੁਖੀ ਅਤੇ ਅਧਿਆਪਕ ਵੱਲੋਂ ਦਾਖਲਾ ਮੁਹਿੰਮ "ਈਚ ਵੰਨ ਬਰਿੰਗ ਵੰਨ " ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾ ਰਿਹਾ ਹੈ ਜਿਸ ਨਾਲ ਦਾਖਲਾ ਮੁਹਿੰਮ ਨੇ ਤੇਜੀ ਫੜ੍ਹ ਲਈ ਹੈ। ਇਸ ਮੁਹਿੰਮ ਨੂੰ ਹੋਰ ਅੱਗੇ ਲਿਜਾਣ ਲਈ ਜਲ੍ਹਿਾ ਸਿੱਖਿਆ ਅਫਸਰ ਐਲੀਮੈਂਟਰੀ ਸਿੱਖਿਆ ਤਰਨਤਾਰਨ ਸ੍ਰੀ ਰਾਜੇਸ ਕੁਮਾਰ ਅਤੇ ਉਪ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸਿੱਖਿਆ ਤਰਨਤਾਰਨ ਸ੍ਰੀ ਪਰਮਜੀਤ ਸਿੰਘ ਨੇ ਬਲਾਕ ਤਰਨਤਾਰਨ ਪਰਾਪਰ ਦਾ ਵਿਸੇਸ ਦੌਰਾ ਕਰਦਿਆਂ ਖੁਦ ਫਲੈਕਸ ਫੜ੍ਹ ਕੇ ਚਾਰ ਖੰਭਾ ਚੌਂਕ ਤਰਨਤਾਰਨ ਜਾ ਕੇ ਲੋਕਾਂ ਨੂੰ ਸਰਕਾਰੀ ਸਕੂਲਾਂ ਵਿੱਚ ਆਏ ਕ੍ਰਾਂਤੀਕਾਰੀ ਪਰਿਵਰਤਨ ਤੋਂ ਜਾਣੂੰ ਕਰਵਾਇਆ ਅਤੇ ਨਵੇਂ ਦਾਖਲਿਆਂ ਲਈ ਪ੍ਰੇਰਿਤ ਕੀਤਾ।ਇਸ ਮੌਕੇ ਉਹਨਾਂ ਵੱਲੋਂ ਬੱਚਿਆਂ ਦਾ ਦਾਖਲਾ ਕਰਨ ਹਿੱਤ ਅਤੇ ਲੋਕਾਂ ਵਿੱਚ ਸਰਕਾਰੀ ਸਕੂਲਾਂ ਦੇ ਪ੍ਰਚਾਰ ਸਬੰਧੀ ਮੇਨ ਸੜਕ ਤੇ ਕੈਨੋਪੀ ਲਗਾ ਕੇ ਮੁਹਿੰਮ "ਈਚ ਵੰਨ ਬਰਿੰਗ ਵੰਨ" ਲਈ ਪ੍ਰਚਾਰ ਕੀਤਾ। ਇਸ ਮੌਕੇ ਉਹਨਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਤਰਨਤਾਰਨ ਜਲ੍ਹਿੇ ਦੇ ਸਰਕਾਰੀ ਸਕੂਲਾਂ ਵਿੱਚ ਪਿਛਲੇ ਵਰ੍ਹੇ ਦੌਰਾਨ ਵਿਦਿਆਰਥੀਆਂ ਦੇ ਦਾਖਲੇ ਸਬੰਧੀ 17% ਵਾਧਾ ਹੋਇਆ ਸੀ ਅਤੇ ਇਸ ਵਾਰ ਉਕਤ ਅੰਕੜੇ ਨੂੰ ਹੋਰ ਅੱਗੇ ਲਿਜਾਣ ਲਈ ਵਿਭਾਗ ਦਾ ਹਰ ਮੁਲਾਜਮ ਯਤਨਸੀਲ ਹੈ। ਡੀਈਓ ਸ੍ਰੀ ਰਾਜੇਸ ਕੁਮਾਰ ਨੇ ਦੱਸਿਆ ਕਿ ਅਧਿਆਪਕਾਂ ਦੁਆਰਾ ਵਿਭਾਗ ਦੀਆਂ ਵੱਖ-ਵੱਖ ਪ੍ਰਾਪਤੀਆਂ ਜਿਵੇਂ ਸਮਾਰਟ ਸਕੂਲ,ਸਮਾਰਟ ਗਰਾਊਂਡ, ਸਮਾਰਟ ਯੂਨੀਫਾਰਮ, ਇੰਗਲਿਸ ਬੂਸਟਰ ਕਲੱਬ,ਐਲ ਕੇ ਜੀ ਤੋਂ ਪੰਜਵੀਂ ਤੱਕ ਬਿਲਕੁਲ ਮੁਫਤ ਮਿਆਰੀ ਸਿੱਖਿਆ ਆਦਿ ਲੋਕਾਂ ਤੱਕ ਪੈਮਫਲੈੱਟਸ ਰਾਹੀਂ ਪਹੁੰਚਾਈਆਂ ਜਾ ਰਹੀਆਂ ਹਨ। ਡੀਈਓ ਐਲੀਮੈਂਟਰੀ ਤਰਨਤਾਰਨ ਨੇ ਦੱਸਿਆ ਕਿ ਸਕੂਲ ਮੁਖੀਆਂ ਅਤੇ ਅਧਿਆਪਕਾਂ ਵੱਲੋਂ ਘਰ ਘਰ ਜਾ ਕੇ ਮਾਪਿਆਂ ਅਤੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਹਨਾਂ ਅਧਿਆਪਕਾਂ ਨੂੰ ਵੀ ਅਪੀਲ ਕੀਤੀ ਕਿ ਸਰਕਾਰੀ ਸਕੂਲਾਂ ਨਾਲ ਆਮ ਲੋਕਾਂ ਜੋੜਨ ਲਈ ਵੱਧ ਤੋਂ ਵੱਧ ਪ੍ਰਚਾਰ ਅਤੇ ਅਨਾਊਂਸਮੈਂਟ ਕਰਵਾਉਣ। ਸ੍ਰੀ ਪਰਮਜੀਤ ਸਿੰਘ, ਡਿਪਟੀ ਡੀਈਓ ਐਲੀਮੈਂਟਰੀ ਤਰਨਤਾਰਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਾਕ ਦੇ ਸਾਰੇ ਸਕੂਲਾਂ ਵਿੱਚ ਮਿਹਨਤ ਦਾਖਲਾ ਮੁਹਿੰਮ ਲਈ ਸਮਾਜ ਵਿੱਚ ਜਾਗਰੂਕਤਾ ਲਿਆਉਣ ਲਈ ਜਲ੍ਹਿੇ ਦੀਆਂ ਪ੍ਰਾਇਮਰੀ ਅਤੇ ਸੈਕੰਡਰੀ ਲੈਵਲ ਤੇ ਸਵੈ ਇੱਛਾ ਨਾਲ ਬਣੀਆਂ ਨੁੱਕੜ ਨਾਟਕ ਟੀਮਾਂ ਰਾਹੀਂ ਬਹੁਤ ਹੀ ਸਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ।

## ਪ੍ਰਿੰਸੀਪਲ ਗੁਰਪ੍ਰੀਤ ਕੌਰ ਵੱਲੋਂ ਭੀਖੀ ਵਾਸੀਆਂ ਦੇ ਸਹਿਯੋਗ ਲਈ ਕੀਤਾ ਗਿਆ ਧੰਨਵਾਦ



**ਭੀਖੀ/ਲੋਕ ਬਾਣੀ**

ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਭੀਖੀ ਨੇ ਸਕੂਲ ਵਿੱਚ ਦਾਖਲੇ ਵਿੱਚ ਵਾਧਾ ਹੋਣ ਤੇ ਸਕੂਲ ਨੂੰ ਵਿਦਿਆਰਥੀਆਂ ਵਿੱਚ ਹਰਮਨ-ਪਿਆਰਾ ਬਣਾਉਣ ਲਈ ਸਮੂਹ ਸ਼ਹਿਰ ਨਿਵਾਸਿਆ ਤੇ ਪਤਵੰਤੇ ਸੱਜਣਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ। ਅਤੇ ਜਾਣਕਾਰੀ ਸਾਂਝੀ ਕਰਦੇ ਹੋਏ ਪ੍ਰਿੰਸੀਪਲ ਨੇ ਦੱਸਿਆ ਕਿ ਇਸ ਵਾਰ ਸਕੂਲ ਵਿੱਚ ਦਾਖਲੇ ਸਬੰਧੀ ਮਾਪਿਆਂ ਤੇ ਵਿਦਿਆਰਥੀਆਂ ਵਿਚਕਾਰ ਕਾਫੀ ਲਹਿਰ ਹੈ,ਪ੍ਰਾਇਵੇਟ ਸਕੂਲਾਂ ਦੇ ਵਿਦਿਆਰਥੀ ਇਸ ਸਰਕਾਰੀ ਸਕੂਲ ਵਿੱਚ ਪਹਿਲ ਦੇ ਅਧਾਰ ਤੇ ਦਾਖਲ ਹੋ ਰਹੇ ਹਨ ।ਉਹਨਾਂ ਕਿਹਾ ਕਿ ਸਕੂਲ ਮੈਨੇਜਮੈਂਟ ਕਮੇਟੀ ਦੇ ਚੈਅਰਮੈਨ ਧੰਨਜੀਤ ਸਿੰਘ, ਦਰਸ਼ਨ ਸਿੰਘ ਐਮ.ਸੀ. ਤੇ ਸਮੂਹ ਸਟਾਫ ਨੇ ਸਕੂਲ ਪ੍ਰਤੀ ਸ਼ਲਾਘਾਂਯੋਗ ਉਪਰਾਲੇ ਕੀਤੇ ਜਿਸ ਦੇ ਸਦਕੇ ਇਹ ਸਕੂਲ ਦਿਨੋ ਦਿਨ ਤਰੱਕੀ ਕਰ ਰਿਹਾ ਹੈ ।ਦਰਸ਼ਨ ਸਿੰਘ ਐਮ.ਸੀ. ਵੱਲੋਂ ਆਪਣੇ ਬੇਟੇ ਦਾ ਦਾਖਲਾ ਇਸ ਸਕੂਲ ਕਰਵਾ ਕੇ ਬਾਕੀ ਮਾਪਿਆਂ ਨੂੰ ਬੱਚਿਆਂ ਦਾ ਦਾਖਲਾ ਸਰਕਾਰੀ ਸਕੂਲ ਵਿੱਚ ਕਰਵਾਉਣ ਲਈ ਪ੍ਰੇਰਿਆ ।ਉਹਨਾਂ ਕਿਹਾ ਕਿ ਅੱਜ ਦੇ ਸਰਕਾਰੀ ਸਕੂਲ ਅਤਿ ਆਧੁਨਿਕ ਹਨ ਤੇ ਪ੍ਰਾਇਵੇਟ ਸਕੂਲਾਂ ਤੋਂ ਵੱਧ ਸਹੂਲਤਾਂ ਸਰਕਾਰੀ ਸਕੂਲਾਂ ਵਿੱਚ ਉਪਲੱਬਧ ਹਨ, ਮਾਪਿਆਂ ਨੂੰ ਗੁਜਾਰਿਸ਼ ਹੈ ਕਿ ਆਪਣੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਬੱਚਿਆਂ ਦੇ ਦਾਖਲੇ ਸਰਕਾਰੀ ਸਕੂਲਾਂ ਵਿੱਚ ਪਹਿਲ ਦੇ ਅਧਾਰ ਤੇ ਕਰਵਾਉਣ।

# ਕਾਂਗਰਸ ਵੱਲੋਂ ਕੀਤਾ ਡੰਕਲ ਸਮਝੌਤਾ ਲਾਗੂ ਕਰ ਰਹੀ ਮੋਦੀ ਸਰਕਾਰ : ਭੈਣੀ ਬਾਘਾ



**ਮਾਨਸਾ/ਲੋਕ ਬਾਣੀ**

ਕਿਸਾਨ ਵਿਰੋਧੀ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਦਿੱਲੀ ਬਾਰਡਰ ਤੇ ਚੱਲ ਰਹੇ ਮੋਰਚਿਆਂ ਤੋਂ ਘਬਰਾਈ ਹੋਈ ਮੋਦੀ ਸਰਕਾਰ ਅੰਦੋਲਨ ਨੂੰ ਫੇਲ ਕਰਨ ਵਾਸਤੇ ਹਰ ਤਰ੍ਹਾਂ ਦੇ ਹੱਥਕੰਡੇ ਅਪਣਾ ਰਹੀ ਹੈ ਜਿਸ ਵਿੱਚ ਮੋਦੀ ਸਰਕਾਰ ਕਦੇ ਵੀ ਕਾਮਯਾਬ ਨਹੀਂ ਹੋਵੇਗੀ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਿਲ੍ਹਾ ਮਾਨਸਾ ਦੇ ਪ੍ਰਧਾਨ ਰਾਮ ਸਿੰਘ ਭੈਣੀਬਾਘਾ ਨੇ ਅੱਜ ਪਿੰਡ ਕੋਟ ਲੱਲੂਆਣਾ ਦੇ ਗੁਰੂਘਰ ਵਿੱਚ ਜਿਲ੍ਹਾ ਪੱਧਰ ਦੇ ਆਗੂਆਂ ਅਤੇ ਸਰਗਰਮ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਕਾਨੂੰਨ ਕਿਸਾਨਾਂ ਦੀ ਮੌਤ ਦੇ ਵਰੰਟ ਹਨ ਜਿੰਨ੍ਹਾਂ ਨੂੰ ਰੱਦ ਕਰਵਾਉਣ ਲਈ ਪੰਜਾਬ ਹੀ ਨਹੀਂ ਦੇਸ਼ ਦੇ ਕਿਸਾਨ ਮਜਦੂਰ, ਔਰਤਾਂ, ਨੋਜਵਾਨ, ਮੁਲਾਜਮ ਅਤੇ ਹਰ ਤਰ੍ਹਾਂ ਦੇ ਛੋਟੇ ਕਾਰੋਬਾਰੀਆਂ ਦੇ ਲੋਕ ਕਿਸਾਨ ਮੋਰਚੇ ਵਿੱਚ ਸ਼ਾਮਲ ਹੋ ਰਹੇ ਹਨ । ਉਨ੍ਹਾਂ ਕਿਹਾ ਕਿ 1992 ਵਿੱਚ ਨਰਸਿੰਮਾ ਰਾਓ ਦੀ ਕੇਂਦਰ ਸਰਕਾਰ ਵੱਲੋਂ ਡੰਕਲ ਸਮਝੌਤੇ ਉੱਤੇ ਦਸਤਖਤ ਕੀਤੇ ਹੋਏ ਹਨ ਜਿੰਨ੍ਹਾਂ ਨੂੰ ਮੋਦੀ ਹਕੂਮਤ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਡੰਕਲ ਸਮਝੌਤੇ ਦੀਆਂ ਨੀਤੀਆਂ ਦੇ ਤਹਿਤ ਹਰ ਤਰ੍ਹਾਂ ਦੇ ਸਰਕਾਰੀ ਅਤੇ ਸਹਿਕਾਰੀ ਅਦਾਰੇ ਵੱਡੇ ਘਰਾਣਿਆਂ ਦੇ ਹਵਾਲੇ ਕਰਨੇ ਹਨ ਅਤੇ ਇਸੇ ਨੀਤੀ ਤਹਿਤ ਐਮ.ਐਸ.ਪੀ. ਬੰਦ ਕਰਨੀ ਹੈ। ਉਨ੍ਹਾਂ ਕਿਹਾ ਕਿ ਇਸ ਤਹਿਤ ਮੰਡੀ ਬੋਰਡ ਸਿਸਟਮ ਤੋੜ ਦਿੱਤਾ ਜਾਵੇਗਾ, ਹਰ ਤਰ੍ਹਾਂ ਦੀਆਂ ਫਸਲਾਂ ਦੀ ਸਰਕਾਰੀ ਖਰੀਦ ਬੰਦ ਹੋਵੇਗੀ, ਖਾਦਾਂ, ਡੀਜਲ ਅਤੇ ਖੇਤੀ ਨਾਲ ਸਬੰਧਤ ਹੋਰ ਖਰਚੇ ਮਹਿੰਗੇ ਹੋਣਗੇ। ਉਨ੍ਹਾਂ ਕਿਹਾ ਕਿ ਅੰਤ ਵਿੱਚ ਇਸ ਦਾ ਸਿੱਟਾ ਕਿਸਾਨਾਂ ਕੋਲੋਂ ਜਮੀਨ ਖੋਹ ਕੇ ਅਡਾਨੀਆਂ, ਅੰਬਾਨੀਆਂ ਦੇ ਵੱਡੇ ਖੇਤੀ ਫਾਰਮ ਬਣਾਉਣੇ ਹਨ ਜਦੋਂ ਅਜਿਹਾ ਹੋਵੇਗਾ ਤਾਂ ਦੇਸ਼ ਦਾ 70ਫੀਸਦੀ ਛੋਟਾ ਕਾਰੋਬਾਰ ਤਬਾਹ ਹੋ ਜਾਵੇਗਾ। ਉਨ੍ਹਾਂ ਚਿੰਤਾ ਜਤਾਉਂਦਿਆਂ ਕਿਹਾ ਕਿ ਮੋਦੀ ਸਰਕਾਰ ਦੇ ਇੰਨ੍ਹਾਂ ਲੋਕ ਵਿਰੋਧੀ ਫੈਸਲਿਆਂ ਕਾਰਨ ਖਾਣ-ਪੀਣ ਵਾਲੀਆਂ ਵਸਤਾਂ ਮਹਿੰਗੀਆਂ ਹੋਣਗੀਆਂ ਅਤੇ ਜਿਹੜੀਆਂ ਕੰਪਨੀਆਂ ਪਾਣੀ ਨੂੰ ਬੋਤਲ ਵਿੱਚ ਬੰਦ ਕਰਕੇ 20 ਰੁਪਏ ਲੀਟਰ ਵੇਚਦੀਆਂ ਹਨ ਜਦੋਂ ਉਹਨਾਂ ਦਾ ਕਬਜਾ ਕਣਕ, ਝੋਨੇ ਅਤੇ ਹਰ ਤਰ੍ਹਾਂ ਦੇ ਅਨਾਜ ਉੱਪਰ ਹੋਵੇਗਾ ਤਾਂ ਲੋਕਾਂ ਦੀ ਕਿਸ ਤਰ੍ਹਾਂ ਛਿੱਲ ਲਾਹੀ ਜਾਵੇਗੀ ਇਹ ਸਭ ਨੂੰ ਪਤਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਇਹ ਅੰਦੋਲਨ ਕਿਸਾਨਾਂ ਲਈ ਜਿੰਦਗੀ-ਮੌਤ ਦਾ ਸਵਾਲ ਹੈ ਜਿਸ ਨੂੰ ਜਿੱਤੇ ਬਿਨਾਂ ਵਾਪਸ ਨਹੀਂ ਮੁੜਿਆ ਜਾ ਸਕਦਾ। ਉਹਨਾਂ ਕਿਹਾ ਕਿ ਬੀ.ਕੇ.ਯੂ. ਉਗਰਾਹਾਂ ਦੀ ਸੂਬਾ ਲੀਡਰਸ਼ਿਪ ਵੱਲੋਂ ਪੰਜਾਬ ਵਿੱਚ ਦਰਜਨਾਂ ਅਜਿਹੇ ਅੰਦੋਲਨ ਲੜੇ ਗਏ ਹਨ ਜਿੰਨਾਂ ਵਿੱਚ ਕਈ ਕਿਸਾਨਾਂ ਦੀਆਂ ਜਾਨਾਂ ਗਈਆਂ , ਜਥੇਬੰਦੀ ਦੇ ਚੋਟੀ ਦੇ ਆਗੂ ਸਾਧੂ ਸਿੰਘ ਤਖਤੂਪੁਰਾ ਦੀ ਹਕੂਮਤੀ ਲਾਣੇ ਦੇ ਗੁੰਡਿਆਂ ਨੇ ਜਾਨ ਲੈ ਲਈ ਪਰ ਜਿੱਤ ਪ੍ਰਾਪਤ ਕਰਕੇ ਹੀ ਹਟੇ ਹਨ। ਭੈਣੀਬਾਘਾ ਨੇ ਕਿਹਾ ਕੁੱਝ ਲੋਕ ਦਿੱਲੀ ਅੰਦੋਲਨ ਨੂੰ ਸਰਕਾਰ ਦੀ ਸ਼ਹਿ ਤੇ ਹਿੰਸਕ ਕਰਨਾ ਚਾਹੁੰਦੇ ਹਨ ਤਾਂ ਜੋ ਸਖਤਾਈ ਵਰਤ ਕੇ ਸਰਕਾਰ ਨੂੰ ਅੰਦੋਲਨ ਖਤਮ ਕਰਨ ਦਾ ਮੌਕਾ ਮਿਲ ਸਕੇ ਪਰ ਸੰਯੁਕਤ ਮੋਰਚੇ ਦੀ ਲੀਡਰਸ਼ਿਪ ਅਜਿਹਾ ਨਹੀਂ ਹੋਣ ਦੇਵੇਗੀ। ਇਸ ਮੌਕੇ ਬੋਲਦਿਆਂ ਜਥੇਬੰਦੀ ਦੇ ਜਿਲ੍ਹਾ ਜਨਰਲ ਸਕੱਤਰ ਇੰਦਰਜੀਤ ਸਿੰਘ ਝੱਬਰ ਨੇ ਕਿਹਾ ਕਿ ਇਹ ਅੰਦੋਲਨ ਹੋਰ ਲੰਬਾ ਚੱਲੇਗਾ ਜਿਸ ਨੂੰ ਚਲਾਉਣ ਲਈ ਪੈਸੇ ਦੀ ਲੋੜ ਹੈ ਇਸ ਲਈ ਪਿੰਡਾਂ ਵਿੱਚ ਫੰਡ ਮੁਹਿੰਮ ਤੁਰੰਤ ਤੋਰੀ ਜਾਵੇ। ਉਨ੍ਹਾਂ ਕਿਹਾ ਕਿ ਨੌਜਵਾਨਾਂ, ਮਾਵਾਂ, ਭੈਣਾਂ ਅਤੇ ਕਿਸਾਨਾਂ ਦੀਆਂ ਪਿੰਡਾਂ ਵਿੱਚ ਮੀਟਿੰਗਾਂ, ਰੈਲੀਆਂ ਕਰਵਾਈਆਂ ਜਾਣਗੀਆਂ, ਦਿੱਲੀ ਮੋਰਚੇ ਵਿੱਚ ਪਹਿਲਾਂ ਹੀ ਲੱਖਾਂ ਕਿਸਾਨ ਵਾਰੀ ਸਿਰ ਆਪਣਾ ਯੋਗਦਾਨ ਪਾ ਰਹੇ ਹਨ।

## ਜ਼ਿਲ੍ਹਾ ਮੈਜਿਸਟਰੇਟ ਵਲੋਂ ਵਿਆਹ ਸਮਾਗਮਾਂ ਦੇ ਸਬੰਧ ਵਿਚ ਨਵੇਂ ਹੁਕਮ ਜਾਰੀ

**ਗੁਰਦਾਸਪੁਰ/ਨਵਨੀਤ ਕੁਮਾਰ**

ਜ਼ਿਲਾ ਮੈਜਿਸਟਰੇਟ ਜਨਾਬ ਮੁਹੰਮਦ ਇਸ਼ਫਾਕ ਨੇ ਦੱਸਿਆ ਕਿ ਐਡੀਸ਼ਨਲ ਮੁੱਖ ਸਕੱਤਰ (ਗ੍ਰਹਿ) ਪੰਜਾਬ ਸਰਕਾਰ ਦੇ ਗ੍ਰਹਿ ਮਾਮਲਿਆਂ ਅਤੇ ਨਿਆਂ ਵਿਭਾਗ ਵਲੋਂ ਬੀਤੇ ਕੱਲ੍ਹ ਨਵੀਆਂ ਰੋਕਾਂ, ਅਗਲੇ ਹੁਕਮਾਂ ਤਕ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਸਨ, ਉਸ ਸਬੰਧੀ (ਕਲੈਰੀਫਿਕੇਸ਼ਨ) ਕੀਤਾ ਗਿਆ ਹੈ। ਇਸ ਲਈ ਜ਼ਿਲੇ ਗੁਰਦਾਸਪੁਰ ਅੰਦਰ ਐਡੀਸ਼ਨਲ ਮੁੱਖ ਸਕੱਤਰ (ਗ੍ਰਹਿ) ਪੰਜਾਬ ਸਰਕਾਰ ਦੇ ਗ੍ਰਹਿ ਮਾਮਲਿਆਂ ਅਤੇ ਨਿਆਂ ਵਿਭਾਗ ਵਲੋਂ ਜਾਰੀ ਕਲੈਰੀਫਿਕੇਸ਼ਨ ਤਹਿਤ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵਲੋਂ ਡਿਜਾਸਟਰ ਮੈਨਜੇਮੈਂਟ ਐਕਟ 2005 ਅਤੇ 1973 ਦੀ ਧਾਰਾ 144 ਸੀ.ਆਰ.ਪੀ.ਸੀ ਤਹਿਤ ਹੁਕਮ ਜਾਰੀ ਕਰਦਿਆਂ ਹੇਠ ਲਿਖੇ ਨਵੇਂ ਹੁਕਮ ਜਾਰੀ ਕੀਤੇ ਗਏ ਹਨ।1. ਜ਼ਿਲੇ ਅੰਦਰ 27.04.2021 ਨੂੰ ਜਾਰੀ ਕੀਤੇ ਗਏ ਹੁਕਮਾਂ ਦੀ ਲਗਾਤਾਰਤਾ ਵਿਚ ਇਹ ਹੁਕਮ ਅਗਲੇ ਹੁਕਮਾਂ ਤਕ ਜਾਰੀ ਰਹਿਣਗੇ।2. ਉਪਰੋਕਤ ਦੇ ਸਬੰਧ ਵਿਚ ਸਪੱਸ਼ਟ ਕੀਤਾ ਜਾਂਦਾ ਹੈ ਕਿ ਸ਼ਾਮ 6 ਵਜੇ ਤੋਂ ਬਾਅਦ ਜਾਂ 30 ਅਪ੍ਰੈਲ ਤੋਂ ਪਹਿਲਾਂ ਵਿਆਹ ਸਮਾਗਮ ਹੇਠ ਲਿਖੀਆਂ ਹਦਾਇਤਾਂ ਤਹਿਤ ਜਾਰੀ ਰਹਿਣਗੇ। 1) 20 ਤੋਂ ਜ਼ਿਆਦਾ ਲੋਕ ਵਿਆਹ ਵਿਚ ਇਕੱਤਰ ਨਹੀਂ ਹੋਣਗੇ। 2) ਵਿਆਹ ਅਟੈਂਡ ਕਰਨ ਵਾਲੇ ਸਬੰਧਤ ਸਬ ਡਵੀਜ਼ਨਲ ਮੈਜਿਸਟਰੇਟ ਕੋਲੋ ਕਰਫਿਊ ਪਾਸ ਜਾਰੀ ਕਰਵਾਉਣਗੇ। ਸਬ ਡਵੀਜ਼ਨਲ ਮੈਜਿਸਟਰੇਟ ਵਲੋਂ ਪਾਸ ਹੋਲਡਰ ਦੀ ਫੋਟੋ ਲੱਗੀ ਵਾਲਾ ਹੀ ਪਾਸ ਜਾਰੀ ਕੀਤਾ ਜਾਵੇਗਾ। ਬਿਨਾਂ ਫੋਟੋ ਤੇ ਪਾਸ ਵੈਲਿਡ ਨਹੀਂ ਮੰਨਿਆ ਜਾਵੇ। ਸਬ ਡਵੀਜ਼ਨਲ ਮੈਜਿਸਟਰੇਟ ਕੋਈ ਪਾਸ ਜਾਂ ਪਰਮਿਸ਼ਨ ਜਾਰੀ ਕਰਨ ਦੀ ਸੂਚਨਾ ਡਾਟਾ ਕੋਵਿਡ ਸੈਲ ਦੀ ਈਮੇਲ ਆਈ ਡੀ .19@. ਤੇ ਭੇਜਣਗੇ। ਡਾਟਾ ਕੋਵਿਡ ਸੈੱਲ, ਪਾਸਾਂ ਅਤੇ ਪਰਮਿਸ਼ਨਾਂ ਦਾ ਸਾਰਾ ਰਿਕਾਰਡ ਮੈਨਟੇਨ ਕਰਕੇ ਰੱਖਣਗੇ। 3. ਪ੍ਰੋਗਰਾਮ ਰਾਤ 9 ਵਜੇ ਤਕ ਸਮਾਪਤ ਹੋਵੇਗਾ।4. ਪ੍ਰੋਗਰਾਮ ਕਰਵਾਉਣ ਵਾਲੇ () ਸਾਰੇ ਪ੍ਰੋਗਰਾਮ ਦੀ ਰਿਕਾਰਡਿੰਗ ਕਰਨਗੇ ਅਤੇ ਸਾਫਟ ਕਾਪੀ ਈਮੇਲ ਆਈ.ਡੀ .19@. ਤੇ ਭੇਜਣਗੇ। ਡਾਟਾ ਕੋਵਿਡ ਸੈੱਲ, ਸਾਰੀਆਂ ਵੀਡੀਓ ਚੈੱਕ ਕਰੇਗਾ ਅਤੇ ਹੁਕਮਾਂ ਦੀ ਉਲੰਘਣਾ ਹੋਣ ਤੇ ਰਿਪੋਰਟ ਕਰੇਗਾ।3. ਵਿਆਹ ਵਾਲੇ ਪਰਿਵਾਰ, ਜਿਨਾਂ ਨੇ ਵਿਆਹ ਸਮਾਗਮ ਰੱਖੇ ਹੋਏ ਹਨ ਜਾਂ ਪਹਿਲੀ ਮਈ ਤੋਂ ਬਾਅਦ ਦੇ ਰੱਖੇ ਹਨ, ਉਹ ਵਿਆਹ ਦੀ ਤਾਰੀਕ ਅਤੇ ਸਮਾਂ ਕੋਵਿਡ ਰੋਕਾਂ ਨੂੰ ਧਿਆਨ ਵਿਚ ਰੱਖਦਿਆਂ ਰੀਸ਼ਡਿਊਲ ਕਰ ਲੈਣ ਤਾਂ ਜੋ ਉਨਾਂ ਨੂੰ ਕੋਵਿਡ ਮਹਾਂਮਾਰੀ ਕਾਰਨ ਲਗਾਈਆਂ ਲਈ ਵਾਧੂ ਰੋਕਾਂ ਕਾਰਨ ਕੋਈ ਮੁਸ਼ਕਿਲ ਪੇਸ਼ ਨਾ ਆਵੇ।

## ਕੋਰੋਨਾ ਵਿਰੁੱਧ ਜੰਗ ਲੜ ਰਹੇ ਯੋਧਿਆਂ ਵੱਲ ਵਿਸ਼ੇਸ਼ ਧਿਆਨ ਦੇਵੇ ਸਰਕਾਰ : ਦਰਸ਼ਨ ਕਾਂਗੜਾ

**ਲੌਂਗੋਵਾਲ/ਲੋਕ ਬਾਣੀ**



ਦੇਸ਼ ਅੰਦਰ ਦਿਨ ਪ੍ਰਤੀ ਦਿਨ ਤੇਜੀ ਨਾਲ ਵੱਧ ਰਹੇ ਕੋਰੋਨਾ ਮਾਮਲਿਆਂ ਨੂੰ ਲੇ ਕੇ ਸੂਬੇ ਦੀ ਪ੍ਰਸਿਧ ਸਮਾਜ ਸੇਵੀ ਸੰਸਥਾ ਦਲਿਤ ਵੈਲਫੇਅਰ ਸੰਗਠਨ ਪੰਜਾਬ ਵੀ ਚਿੰਤਤ ਹੈ ਜਿਸ ਦੇ ਚਲਦਿਆਂ ਸੰਗਠਨ ਦੇ ਸੂਬਾ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਨੇ ਇਸ ਮਹਾਮਾਰੀ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਸਭਨਾਂ ਲਈ ਇਨਸਾਨੀਅਤ ਦਾ ਫਰਜ ਨਿਭਾਉਣ ਦਾ ਸਮਾਂ ਹੈ ਅੱਜ ਸਾਨੂੰ ਹਰ ਪੱਧਰ ਤੋਂ ਉਪਰ ਉੱਠ ਕੇ ਖੁਦ ਸਾਵਧਾਨੀ ਵਰਤਦਿਆ ਮਾਨਵ ਸੇਵਾ ਲਈ ਅੱਗੇ ਆਉਣਾ ਚਾਹੀਦਾ ਹੈ ਉਨ੍ਹਾਂ ਕਿਹਾ ਕਿ ਉਹ ਇਸ ਖਤਰਨਾਕ ਦੌਰ ਵਿੱਚ ਵੱਡੀ ਭੂਮਿਕਾ ਨਿਭਾ ਰਹੇ ਮਹਾਨ ਯੋਧੇ ਸਫਾਈ ਕਰਮਚਾਰੀ, ਸਿਹਤ ਕਰਮਚਾਰੀ, ਪੁਲਿਸ ਕਰਮਚਾਰੀ ਅਤੇ ਮੀਡੀਆ ਸਣੇ ਹੋਰਨਾਂ ਨੂੰ ਦਿਲੋਂ ਸਲੂਟ ਕਰਦੇ ਹਨ ਇਹਨਾਂ ਵੱਲ ਸਰਕਾਰ ਨੂੰ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਸੂਬਾ ਪ੍ਰਧਾਨ ਨੇ ਕਿਹਾ ਕਿ ਸਫਾਈ ਕਰਮਚਾਰੀ ਜੋ ਅਪਣੀ ਅਤੇ ਅਪਣੇ ਪਰਿਵਾਰ ਦੀ ਤੰਦਰੁਸਤੀ ਅਤੇ ਸੁਰੱਖਿਆ ਦੀ ਚਿੰਤਾ ਨਾ ਕਰਦਿਆਂ ਕੋਰੋਨਾ ਵਿਰੁੱਧ ਚੱਲ ਰਹੀ ਇਸ ਜੰਗ ਵਿੱਚ ਅੱਗੇ ਹੋ ਕੇ ਵੱਡੇ ਸੈਨਿਕ ਵਾਂਗ ਲੜਾਈ ਲੜ ਰਹੇ ਹਨ ਦਰਸ਼ਨ ਸਿੰਘ ਕਾਂਗੜਾ ਨੇ ਸਫਾਈ ਕਰਮਚਾਰੀਆਂ ਪ੍ਰਤੀ ਚਿੰਤਾ ਜਾਹਿਰ ਕਰਦਿਆਂ ਸਫਾਈ ਕਰਮਚਾਰੀਆਂ ਨੂੰ ਸੈਫਟੀ ਕਿਟਾ ਅਤੇ ਸਮੇਂ ਸਿਰ ਮਿਹਨਤਾਨਾ ਦੇਣ ਦੀ ਮੰਗ ਕੀਤੀ ਉਨ੍ਹਾਂ ਕਿਹਾ ਕਿ ਕੋਰੋਨਾ ਨੂੰ ਹਰਾਉਣ ਲਈ ਸਾਨੂੰ ਇਹਨਾਂ ਯੋਧਿਆਂ ਨੂੰ ਵਿਸ਼ੇਸ਼ ਸਨਮਾਨ ਅਤੇ ਸਰਕਾਰਾਂ ਨੂੰ ਇਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

## 30 ਅਪ੍ਰੈਲ, 2021 ਤੱਕ ਸ਼ਾਮ ਨੂੰ 06:00 ਵਜੇ ਤੋਂ ਬਾਅਦ ਕੀਤੇ ਜਾਂਦੇ ਵਿਆਹ ਸਮਾਗਮਾਂ ਨੂੰ ਹਦਾਇਤਾਂ ਅਨੁਸਾਰ ਪ੍ਰਵਾਨਗੀ

**ਤਰਨ ਤਾਰਨ/ਮਨਜੀਤ ਸੰਧੂ, ਗੁਰਮੀਤ ਸੰਧੂ, ਭਗਤ ਸਿੰਘ ਸੰਧੂ**



ਸੂਬੇ ਵਿੱਚ ਕਰੋਨਾ ਵਾਇਰਸ ਦੇ ਵਧ ਰਹੇ ਕੇਸਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ ਜਾਰੀ ਹੋਈਆਂ ਹਦਾਇਤਾ ਦੇ ਮੱਦੇਨਜ਼ਰ ਸੀ. ਆਰ. ਪੀ. ਸੀ. ਦੀ ਧਾਰਾ 144 ਵਿੱਚ ਦਿੱਤੇ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ ਵੱਲੋਂ ਹੋਰ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਸਨ । ਪੰਜਾਬ ਸਰਕਾਰ, ਗ੍ਰਹਿ ਅਤੇ ਨਿਆਂ ਵਿਭਾਗ ਵੱਲੋਂ ਇਹਨਾਂ ਪਾਬੰਦੀਆਂ ਸਬੰਧੀ ਸਪੱਸ਼ਟੀਕਰਨ ਜਾਰੀ ਕੀਤਾ ਗਿਆ ਹੈ । ਇਸ ਸੰਦਰਭ ਵਿੱਚ, ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ ਸ੍ਰੀ ਕੁਲਵੰਤ ਸਿੰਘ ਨੇ ਸਪੱਸ਼ਟ ਕੀਤਾ ਹੈ ਕਿ 30 ਅਪ੍ਰੈਲ, 2021 ਤੱਕ ਸ਼ਾਮ ਨੂੰ 06:00 ਵਜੇ ਤੋਂ ਬਾਅਦ ਕੀਤੇ ਜਾਂਦੇ ਵਿਆਹ ਸਮਾਗਮਾਂ ਨੂੰ ਹੇਠ ਦਰਸਾਈਆਂ ਹਦਾਇਤਾਂ ਅਨੁਸਾਰ ਪ੍ਰਵਾਨਗੀ ਦਿੱਤੀ ਜਾਂਦੀ ਹੈ ।1. 20 ਤੋਂ ਵੱਧ ਲੋਕਾਂ ਨੂੰ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਦੀ ਆਗਿਆ ਨਹੀਂ ਹੋਵੇਗੀ ।2. ਵਿਆਹ ਸਮਾਗਮਾਂ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਨੂੰ ਸਬੰਧਤ ਉੱਪ ਮੰਡਲ ਮੈਜਿਸਟਰੇਟ ਪਾਸੋਂ ਕਰਫਿਊ ਪਾਸ ਪ੍ਰਾਪਤ ਕਰਨਾ ਜਰੂਰੀ ਹੋਵੇਗਾ । 3. ਵਿਆਹ ਸਮਾਗਮਾਂ ਦੀ ਸਮਾਪਤੀ ਦਾ ਸਮਾਂ ਰਾਤ 09:00 ਵਜੇ ਤੱਕ ਹੋਵੇਗਾ । ਕੋਵਿਡ-19 ਦੀਆਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੇ ਮੱਦੇਨਜ਼ਰ ਮਿਤੀ 01 ਮਈ, 2021 ਜਾਂ ਉਸ ਤੋਂ ਬਾਅਦ ਤਹਿ ਕੀਤੇ ਗਏ ਸਾਰੇ ਵਿਆਹਾਂ ਦੀਆਂ ਤਰੀਕਾਂ/ਸਮਾਂ ਸਬੰਧਤ ਪਰਿਵਾਰਾਂ ਵੱਲੋਂ ਮੁੜ ਤਹਿ ਕੀਤੀਆਂ ਜਾਣ।

## 7.90 ਲੱਖ ਮੀਟ੍ਰਿਕ ਟਨ ਕਣਕ ਖਰੀਦੀ ਗਈ, ਕਿਸਾਨਾਂ ਨੂੰ 1198.75 ਕਰੋੜ ਰੁਪਏ ਦੀ ਕੀਤੀ ਜਾ ਚੁੱਕੀ ਹੈ ਅਦਾਇਗੀ - ਡੀ.ਸੀ. ਵਰਿੰਦਰ ਕੁਮਾਰ ਸ਼ਰਮਾ

**ਲੁਧਿਆਣਾ/ਸੁਖਚੈਨ ਮਹਿਰਾ**

ਜ਼ਿਲੇ ਦੀਆਂ ਅਨਾਜ ਮੰਡੀਆਂ/ਖਰੀਦ ਕੇਂਦਰਾਂ ਵਿਚ ਲਗਭਗ 88 ਪ੍ਰਤੀਸ਼ਤ ਕਣਕ ਦੀ ਖਰੀਦ ਦੇ ਨਾਲ, ਲੁਧਿਆਣਾ ਦਾ ਮੌਜੂਦਾ ਹਾੜੀ ਖਰੀਦ ਸੀਜ਼ਨ ਨਿਰਵਿਘਨ ਢੰਗ ਨਾਲ ਸਮਾਪਤੀ ਵੱਲ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਵਰਿੰਦਰ ਕੁਮਾਰ ਸ਼ਰਮਾ ਨੇ ਚੱਲ ਰਹੇ ਖਰੀਦ ਕਾਰਜਾਂ ਦਾ ਜਾਇਜ਼ਾ ਲੈਂਦੇ ਹੋਏ ਵੇਰਵਿਆਂ ਸਾਂਝੇ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਲਗਭਗ 9 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਦੀ ਉਮੀਦ ਸੀ। ਉਨ੍ਹਾਂ ਕਿਹਾ ਕਿ ਅਜੇ ਤੱਕ ਪ੍ਰਸ਼ਾਸਨ ਨੇ ਵੱਖ-ਵੱਖ ਅਨਾਜ ਮੰਡੀਆਂ/ਖਰੀਦ ਕੇਂਦਰਾਂ ਵਿੱਚ 790266 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ, ਜੋ ਕਿ ਕੁੱਲ ਉਤਪਾਦਨ ਦੀ ਅਨੁਮਾਨਤ ਕੁੱਲ 88 ਫੀਸਦ ਹੈ. ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਅਨਾਜ ਦੀ ਖਰੀਦ ਸ਼ੁਰੂ ਹੋਣ ਤੋਂ ਬਾਅਦ ਜ਼ਿਲ੍ਹੇ ਭਰ ਦੀਆਂ ਮੰਡੀਆਂ ਵਿੱਚ 790266 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਅਤੇ ਏਜੰਸੀਆਂ ਵੱਲੋਂ ਪੂਰਾ ਸਟਾਕ ਖਰੀਦਿਆ ਜਾ ਚੁੱਕਾ ਹੈ। ਇਸੇ ਤਰ੍ਹਾਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਲਗਭਗ 67 ਪ੍ਰਤੀਸ਼ਤ ਖਰੀਦ ਕੀਤੀ ਗਈ ਉਪਜ ਦੀ ਲਿਫਟਿੰਗ ਹੋ ਚੁੱਕੀ ਹੈ। ਸ੍ਰੀ ਸ਼ਰਮਾ ਨੇ ਅੱਗੇ ਦੱਸਿਆ ਕਿ ਹੁਣ ਤੱਕ ਕਿਸਾਨਾਂ ਨੂੰ 1198.75 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦ੍ਰਿੜਤਾ ਨਾਲ ਵਚਨਬੱਧ ਹੈ ਕਿ ਉਹ ਕਿਸਾਨਾਂ ਦੇ ਇਕ-ਇਕ ਦਾਣੇ ਦੀ ਖਰੀਦ ਅਤੇ ਲਿਫਟਿੰਗ ਕਰਨਗੇ। ਉਨ੍ਹਾਂ ਕਿਹਾ ਕਿ ਪੂਰੇ ਖਰੀਦ ਸੀਜ਼ਨ ਦੌਰਾਨ, ਖੁਰਾਕ ਸਪਲਾਈ, ਖਰੀਦ ਏਜੰਸੀਆਂ ਅਤੇ ਮੰਡੀ ਬੋਰਡ ਦੇ ਅਧਿਕਾਰੀ ਮੰਡੀਆਂ ਵਿੱਚ ਕਦਮ ਰੱਖਦਿਆਂ ਸਾਰ ਹੀ ਉਨ੍ਹਾਂ ਦੀ ਫਸਲ ਦੀ ਤੁਰੰਤ ਖਰੀਦ ਰਾਹੀਂ ਕਿਸਾਨੀ ਨੂੰ ਸਹੂਲਤ ਦੇ ਕੇ ਸਹਿਜ ਖਰੀਦ ਨੂੰ ਯਕੀਨੀ ਬਣਾਉਣ ਲਈ ਮੈਦਾਨ ਵਿੱਚ ਡਟੇ ਹੋਏ ਹਨ।

www.lokbani.com
lokbani08@gmail.com

# 35 ਕਰੋੜ ਦੀ ਲਾਗਤ ਨਾਲ ਬਣ ਰਹੇ ਸੀਵਰੇਜ ਦਾ ਐਮਪੀ ਡਾ. ਅਮਰ ਸਿੰਘ ਨੇ ਰੱਖਿਆ ਨੀਂਹ ਪੱਥਰ



**ਰਾਏਕੋਟ/ਸੁਖਚੈਨ ਮਹਿਰਾ**

ਮਿਊਸੀਪਲ ਡਿਵੈਲਪਮੈਂਟ ਫੰਡ ਦੇ ਤਹਿਤ 35 ਕਰੋੜ ਦੀ ਲਾਗਤ ਨਾਲ ਸਥਾਨਕ ਸ਼ਹਿਰ ਵਿੱਚ ਪਾਏ ਜਾ ਰਹੇ ਸੌ ਫੀਸਦੀ ਸੀਵਰੇਜ ਅਤੇ ਵਾਟਰ ਸਪਲਾਈ ਦੇ ਕੰਮ ਦੀ ਅੱਜ ਲੋਕ ਸਭਾ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਪਾਰਲੀਮੈਂਟ ਮੈਂਬਰ ਡਾ. ਅਮਰ ਸਿੰਘ ਵੱਲੋਂ ਗੁਰਦੁਆਰਾ ਬਾਬਾ ਜੋਰਾਵਰ ਸਿੰਘ-ਬਾਬਾ ਫਤਿਹ ਸਿੰਘ ਦੇ ਨਜਦੀਕ ਨੀਂਹ ਪੱਥਰ ਤੋਂ ਪਰਦਾ ਹਟਾ ਕੇ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਸੀਵਰੇਜ ਬੋਰਡ ਦੇ ਐਕਸੀਅਨ ਜੀਪੀ ਸਿੰਘ, ਕਾਮਿਲ ਅਮਰ ਸਿੰਘ ਬੋਪਾਰਾਏ, ਸੀਵਰੇਜ ਬੋਰਡ ਦੇ ਐਸ.ਡੀ.ਓ ਸੁਪਿੰਦਰ ਸਿੰਘ, ਕਾਰਜ ਸਾਧਕ ਅਫਸਰ ਅਮਰਇੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਐਮ.ਪੀ. ਡਾ. ਅਮਰ ਸਿੰਘ ਨੇ ਕਿਹਾ ਕਿ ਸ਼ਹਿਰ ਵਿੱਚ ਜੋ ਪਹਿਲਾਂ ਸੀਵਰੇਜ ਪਾਇਆ ਹੋਇਆ ਹੈ, ਉਸ ਨਾਲ ਸ਼ਹਿਰ ਦੇ ਗੰਦੇ ਪਾਣੀ ਦੀ ਨਿਕਾਸੀ ਨੂੰ ਸਹੀ ਤਰੀਕੇ ਨਹੀਂ ਹੁੰਦੀ ਸੀ, ਜਿਸ ਕਾਰਨ ਸੀਵਰੇਜ ਜਾਮ ਹੋ ਜਾਂਦਾ ਸੀ ਅਤੇ ਗੰਦਾਪਾਣੀ ਗਲੀਆਂ 'ਚ ਆ ਜਾਂਦਾ ਸੀ। ਇਸ ਨੂੰ ਦੇਖਦੇ ਹੋਏ ਪੂਰੇ ਰਾਏਕੋਟ ਸ਼ਹਿਰ ਵਿੱਚ ਦੁਬਾਰਾ ਤੋਂ 17 ਕਰੋੜ ਦੀ ਲਾਗਤ ਨਾਲ ਸੀਵਰੇਜ ਪਾਇਆ ਜਾ ਰਿਹਾ ਹੈ, ਜਿਸ ਦੇ ਕੰਮ ਦੀ ਸ਼ੁਰੂਆਤ ਅੱਜ ਉਨ੍ਹਾਂ ਵੱਲੋਂ ਨੀਂਹ ਪੱਥਰ ਤੋਂ ਪਰਦਾ ਹਟਾ ਕੇ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸੀਵਰੇਜ ਤੋਂ ਇਲਾਵਾ ਸ਼ਹਿਰ ਵਿੱਚ 4 ਕਰੋੜ ਦੀ ਲਾਗਤ ਨਾਲ ਆਧੁਨਿਕ ਸਹੂਲਤਾਂ ਨਾਲ ਬਣ ਰਹੇ ਬੱਸ ਸਟੈਂਡ, ਸਿਵਲ ਹਸਪਤਾਲ ਵਿਖੇ 10 ਕਰੋੜ ਦੀ ਲਾਗਤ ਨਾਲ ਜੱਚਾ-ਬੱਚਾ ਕੇਂਦਰ ਬਣਨ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਡਿਗਰੀ ਕਾਲਜ ਅਤੇ ਆਈਟੀਆਈ ਦੀਆਂ ਬਿਲਡਿੰਗਾਂ ਦਾ ਕੰਮ ਤਕਰੀਬਨ ਪੂਰਾ ਹੋ ਚੁੱਕਾ ਹੈ, ਇੰਨ੍ਹਾਂ 'ਚ ਜਲਦੀ ਹੀ ਕਲਾਸਾਂ ਸ਼ੁਰੂ ਕੀਤੀ ਜਾਣਗੀਆਂ। ਇਸ ਮੌਕੇ ਯੂਥ ਆਗੂ ਕਾਮਿਲ ਅਮਰ ਸਿੰਘ ਬੋਪਾਰਾਏ ਨੇ ਹਲਕੇ 'ਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਐਮ.ਪੀ. ਡਾ. ਅਮਰ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਬੋਰਡ ਦੇ ਐਸ.ਡੀ.ਓ ਨੇ ਦੱਸਿਆ ਕਿ ਸ਼ਹਿਰ ਵਿੱਚ 17 ਕਰੋੜ ਦੀ ਲਾਗਤ ਨਾਲ ਵਾਟਰ ਸਪਲਾਈ ਅਤੇ ਸੀਵਰੇਜ ਦਾ ਕੰਮ ਕੀਤਾ ਜਾਵੇਗਾ। ਜਿਸ ਦੀ ਕੁੱਲ ਲੰਬਾਈ 50 ਕਿਲੋਮੀਟਰ ਬਣਦੀ ਹੈ। ਉਨ੍ਹਾਂ ਦੱਸਿਆ ਕਿ ਜਿਆਦਾਤਰ ਸ਼ਹਿਰ ਵਿੱਚ ਵਾਟਰ ਸਪਲਾਈ ਲਈ ਪਾਇਪਾਂ ਪਾਈਆਂ ਹੋਈਆਂ ਹਨ, ਜੋ ਰਹਿੰਦੀ ਹੈ ਉਸ ਦੀ ਲੰਬਾਈ 5 ਕਿਲੋਮੀਟਰ ਬਣਦੀ ਹੈ। ਇਸ ਮੌਕੇ ਓਐਸਡੀ ਜਗਪ੍ਰੀਤ ਸਿੰਘ ਬੁੱਟਰ, ਬਲਜੀਤ ਸਿੰਘ ਹਲਵਾਰਾ, ਜੇਈ ਸੁਖਦੇਵ ਸਿੰਘ, ਐਸਓ ਰਾਜਿੰਦਰ ਢਿੱਲੋਂ, ਚੇਅਰਮੈਨ ਸੁਖਪਾਲ ਸਿੰਘ, ਪ੍ਰਧਾਨ ਏਬੰਤ ਜੈਨ, ਵਿਨੋਦ ਜੈਨ (ਪੁਜਾਰੀ ਫੀਡ ਵਾਲੇ) ਪ੍ਰਧਾਨ ਸੁਦਰਸ਼ਨ ਜੋਸ਼ੀ, ਕੌਂਸਲਰ ਮੁਹੰਮਦ ਇਮਰਾਨ, ਕੌਂਸਲਰ ਕਮਲਜੀਤ ਵਰਮਾਂ, ਕੌਂਸਲਰ ਗੁਰਜੰਟ ਸਿੰਘ, ਕੌਂਸਲਰ ਰਾਜਿੰਦਰ ਸਿੰਘ ਰਾਜੂ, ਕੌਂਸਲਰ ਗੁਰਦਾਸ ਮਾਨ, ਕੌਂਸਲਰ ਸੁਖਵਿੰਦਰ ਸਿੰਘ ਗਰੇਵਾਲ, ਸੰਦੀਪ ਸਿੱਧੂ, ਨਰੈਣ ਦੱਤ ਕੌਸ਼ਿਕ, ਕੇਕੇ ਸ਼ਰਮਾਂ, ਵਿਨੋਦ ਜੈਨ ਰਾਜੂ, ਜਸਪਿੰਦਰ ਪਿੱਲਾ, ਗੁਰਦਿਆਲ ਸਿੰਘ, ਜੋਗਿੰਦਰਪਾਲ ਮੱਕੜ, ਸੁਰਜੀਤ ਸਿੰਘ, ਸੁਖਪਾਲ ਸਿੰਘ ਕਾਕੂ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਪੀ.ਪੀ.ਸੀ.ਬੀ. ਦੇ ਐਸ.ਈ. ਨੂੰ ਲੁਧਿਆਣਾ ਦੀਆਂ ਫੈਕਟਰੀਆਂ 'ਚ ਪਏ ਖਾਲੀ ਸਿਲੰਡਰਾਂ ਦਾ ਵੇਰਵੇ ਇਕੱਤਰ ਕਰਨ ਲਈ ਕੀਤਾ ਨਿਯੁਕਤ

**ਲੁਧਿਆਣਾ/ਸੁਖਚੈਨ ਮਹਿਰਾ**

ਹਸਪਤਾਲਾਂ ਵੱਲੋਂ ਕੋਵਿਡ-19 ਦੇ ਗੰਭੀਰ ਮਰੀਜ਼ਾਂ ਦੇ ਇਲਾਜ ਵਿੱਚ ਮੈਡੀਕਲ ਆਕਸੀਜਨ ਦੀ ਵੱਧ ਰਹੀ ਮੰਗ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਵਰਿੰਦਰ ਕੁਮਾਰ ਸ਼ਰਮਾ ਵੱਲੋਂ ਅੱਜ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ.ਪੀ.ਸੀ.ਬੀ) ਦੇ ਸੁਪਰਡੈਂਟ ਇੰਜੀਨੀਅਰ ਨੂੰ ਲੁਧਿਆਣਾ ਦੀਆਂ ਫੈਕਟਰੀਆਂ ਵਿੱਚ ਖਾਲੀ ਸਿਲੰਡਰਾਂ ਬਾਰੇ ਵੇਰਵੇ ਇਕੱਤਰ ਕਰਨ ਲਈ ਨਿਯੁਕਤ ਕੀਤਾ। ਸ੍ਰੀ ਸ਼ਰਮਾ ਨੇ ਕਿਹਾ ਕਿ ਲੁਧਿਆਣਾ ਪੰਜਾਬ ਦੀ ਸਨਅਤੀ ਰਾਜਧਾਨੀ ਹੋਣ ਕਰਕੇ ਇੱਥੇ ਬਹੁਤੇ ਉਦਯੋਗ/ਫੈਕਟਰੀਆਂ ਵੱਲੋਂ ਆਕਸੀਜਨ ਸਿਲੰਡਰਾਂ ਦੀ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪੀ.ਪੀ.ਸੀ.ਬੀ. ਦੇ ਐਸ.ਈ. ਜਲਦ ਤੋਂ ਜਲਦ ਉਦਯੋਗਾਂ/ਫੈਕਟਰੀਆਂ ਦੇ ਵਿਚ ਖਾਲੀ ਪਏ ਸਿਲੰਡਰਾਂ ਦੀ ਗਿਣਤੀ ਬਾਰੇ ਇਕ ਰਿਪੋਰਟ ਤਿਆਰ ਕਰਨਗੇ ਅਤੇ ਇਹ ਰਿਪੋਰਟ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੂੰ ਸੌਂਪਣਗੇ ਤਾਂ ਜੋ ਲੋੜ ਪੈਣ 'ਤੇ ਪ੍ਰਸ਼ਾਸ਼ਨ ਤੁਰੰਤ ਉਦਯੋਗਾਂ/ਫੈਕਟਰੀਆਂ ਨਾਲ ਸੰਪਰਕ ਕਰ ਸਕੇ। ਇਸ ਤੋਂ ਪਹਿਲਾਂ ਸੋਮਵਾਰ ਨੂੰ ਡਿਪਟੀ ਕਮਿਸ਼ਨਰ ਵੱਲੋਂ ਸਾਰੇ ਉਦਯੋਗਾਂ/ਫੈਕਟਰੀਆਂ ਨੂੰ ਅਪੀਲ ਕੀਤੀ ਸੀ ਕਿ ਉਹ ਪਲਾਂਟਾਂ ਨੂੰ ਖਾਲੀ ਜਾਂ ਭਰੇ ਆਕਸੀਜਨ ਸਿਲੰਡਰ ਉਪਲੱਬਧ ਕਰਾਉਣ ਕਿਉਂਕਿ ਉਨ੍ਹਾਂ ਨੂੰ ਆਕਸੀਜਨ ਗੈਸ ਭਰਨ ਲਈ ਸਿਲੰਡਰਾਂ ਦੀ ਜ਼ਰੂਰਤ ਹੈ ਤਾਂ ਜੋ ਕੋਵਿਡ-19 ਬਿਮਾਰੀ ਨਾਲ ਜੂਝ ਰਹੇ ਬਹੁਤ ਸਾਰੇ ਮਰੀਜ਼ਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਹਸਪਤਾਲਾਂ ਨੂੰ ਮੁਹੱਈਆ ਕਰਵਾਏ ਜਾ ਸਕਣ। ਉਨ੍ਹਾਂ ਇਨ੍ਹਾਂ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਨਾ ਕਰਨ ਵਾਲਿਆਂ ਨੂੰ ਐਨ.ਡੀ.ਐਮ.ਏ. ਐਕਟ, 2005 ਅਤੇ ਮਹਾਂਮਾਰੀ ਰੋਗ ਐਕਟ, 1897 ਦੇ ਅਧੀਨ ਕਾਰਵਾਈ ਦਾ ਸਾਹਮਣਾ ਕਰਨ ਦੀ ਵੀ ਚੇਤਾਵਨੀ ਦਿੱਤੀ ਸੀ।

## ਸ.ਬਲੌਰ ਸਿੰਘ ਲੌਂਗੋਵਾਲ ਬਹੁਜਨ ਸਮਾਜ ਪਾਰਟੀ ਜਿਲ੍ਹਾ ਸੰਗਰੂਰ ਦੇ ਸਕੱਤਰ ਨਿਯੁਕਤ

**ਲੌਂਗੋਵਾਲ/ਲੋਕ ਬਾਣੀ**



ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਸੁਨਾਮ ਦੇ ਬਹੁਤ ਹੀ ਮਿਹਨਤੀ ਅਤੇ ਪੁਰਾਣੇ ਲੀਡਰ ਸ. ਬਲੌਰ ਸਿੰਘ ਲੌਂਗੋਵਾਲ ਦੇ ਬਿਜਲੀ ਵਿਭਾਗ ਵਿਚੋਂ ਸੇਵਾਮੁਕਤ ਹੋਣ ਉਪਰੰਤ ਪਾਰਟੀ ਦੇ ਵਿਸਥਾਰ ਲਈ ਦਿਨ ਰਾਤ ਇੱਕ ਕਰਕੇ ਕੀਤੇ ਜਾ ਰਹੇ ਯਤਨਾਂ ਨੂੰ ਧਿਆਨ ਵਿੱਚ ਰੱਖਦਿਆਂ ਬਸਪਾ ਦੇ ਸੂਬਾ ਪ੍ਰਧਾਨ ਸ.ਜਸਵੀਰ ਸਿੰਘ ਗੜ੍ਹੀ ਅਤੇ ਬੀਐਸਪੀ ਦੇ ਸੂਬਾ ਜਰਨਲ ਸਕੱਤਰ ਸ.ਚਮਕੌਰ ਸਿੰਘ ਵੀਰ ਵੱਲੋਂ ਉਨ੍ਹਾਂ ਨੂੰ ਬਹੁਜਨ ਸਮਾਜ ਪਾਰਟੀ ਜਲਿਾ ਸੰਗਰੂਰ ਦੇ ਸਕੱਤਰ ਨਿਯੁਕਤ ਕੀਤਾ ਹੈ। ਇਸ ਸੰਬੰਧੀ ਗੱਲਬਾਤ ਕਰਦੇ ਹੋਏ ਸ.ਬਲੌਰ ਸਿੰਘ ਨੇ ਕਿਹਾ ਕਿ ਮੈਂ ਪਾਰਟੀ ਹਾਈ ਕਮਾਂਡ ਦਾ ਅਤਿ ਧੰਨਵਾਦੀ ਹਾਂ ਜਿਨ੍ਹਾਂ ਨੇ ਮੈਨੂੰ ਸੇਵਾ ਦਾ ਮੌਕਾ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ 1ਮਈ ਨੂੰ ਕੌਮਾਂਤਰੀ ਮਜਦੂਰ ਦਿਵਸ ਮੌਕੇ ਬੀਐਸਪੀ ਵੱਲੋਂ ਪੰਜਾਬ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਮੋਟਰਸਾਈਕਲ ਰੈਲੀਆਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ ਇਸੇ ਕੜੀ ਤਹਿਤ ਵਿਧਾਨ ਸਭਾ ਹਲਕਾ ਸੁਨਾਮ ਦੇ ਸਾਰੇ ਪਿੰਡਾਂ ਵਿਚ ਮੋਟਰ ਸਾਇਕਲ ਰੈਲੀ ਲਈ ਤਿਆਰੀਆਂ ਪੂਰੇ ਜ਼ੋਰ ਸ਼ੋਰ ਨਾਲ ਕੀਤੀਆਂ ਜਾ ਰਹੀਆਂ ਹਨ ਅਤੇ ਸੁਨਾਮ ਦੀ ਮੋਟਰਸਾਈਕਲ ਰੈਲੀ ਲਾਮਿਸਾਲ ਹੋਵੇਗੀ। ਸ.ਬਲੌਰ ਸਿੰਘ ਦੀ ਇਸ ਨਿਯੁਕਤੀ ਲਈ ਬਸਪਾ ਵਿਧਾਨ ਸਭਾ ਹਲਕਾ ਸੁਨਾਮ ਦੇ ਯੂਥ ਆਗੂ ਕਸ਼ਮੀਰਾ ਸਿੰਘ ਲੌਂਗੋਵਾਲ ਅਤੇ ਰਾਮ ਸਿੰਘ ਲੌਂਗੋਵਾਲ ਨੇ ਬੀਐਪੀ ਦੇ ਸੂਬਾ ਪ੍ਰਧਾਨ ਸ.ਜਸਵੀਰ ਸਿੰਘ ਗੜ੍ਹੀ ਅਤੇ ਜਰਨਲ ਸਕੱਤਰ ਸ.ਚਮਕੌਰ ਸਿੰਘ ਵੀਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਨਿਯੁਕਤੀ ਨਾਲ ਵਿਧਾਨ ਸਭਾ ਹਲਕਾ ਸੁਨਾਮ ਦਾ ਮਾਣ ਹੋਰ ਵਧਿਆ ਹੈ।

## ਪਟੀ,ਚ ਕਰਫਿਊ ਦੀ ਉਲੰਘਣਾ ਕਰਨ ਵਾਲਿਆਂ ਤੇ ਹੋਵੇਗੀ ਕਾਰਵਾਈ-ਲਖਬੀਰ ਸਿੰਘ

**ਪਟੀ/ਸੰਜੀਵ ਕੁਮਾਰ**

ਕੋਰੋਨਾ ਦੇ ਵਧ ਰਹੇ ਪ੍ਰਭਾਵ ਨੂੰ ਦੇਖਦੇ ਹੋਏ ਸੂਬਾ ਸਰਕਾਰ ਵਲੋ ਲਗਾਤਾਰ ਇਸ ਤੇ ਕਾਬੂ ਪਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਜਿਸ ਦੇ ਚਲਦਿਆਂ ਰਾਤ ਦਾ ਕਰਫਿਊ ਦਾ ਐਲਾਨ ਕੀਤਾ ਗਿਆ ਹੈ ਤੇ ਲੋਕਾ ਨੂੰ ਆਪਣੇ ਘਰਾ ਚ ਰਹਿਣ ਨੂੰ ਕਿਹਾ ਜਾਂਦਾ ਹੈ ਜੇਕਰ ਪਟੀ ਚ ਕੋਈ ਕਰਫਿਊ ਦੀ ਉਲੰਘਣਾ ਕਰਦਾ ਫੜਿਆ ਗਿਆ ਉਸ ਖਿਆਲ ਸਖਤ ਕਾਰਵਾਈ ਕੀਤੀ ਜਾਵੇਗੀ ਇਸ ਗੱਲ ਦਾ ਪ੍ਰਗਟਾਵਾ ਐਸ ਐਚ ਓ ਪਟੀ ਲਖਬੀਰ ਸਿੰਘ ਨੇ ਕੀਤਾ।



## ਪੰਜਾਬ ਸਰਕਾਰ ਦੇ ਅਨਾਜ ਖਰੀਦ ਪੋਰਟਲ ਤੇ ਰਜਿਸ਼ਟਰੇਸ਼ਨ ਲਈ ਦਾਨਾ ਮੰਡੀਆਂ ਵਿਚ ਵਿਸ਼ੇਸ ਪ੍ਰਬੰਧ

**ਗੁਰਦਾਸਪੁਰ/ ਨਵਨੀਤ ਕੁਮਾਰ**




ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਦੀ ਅਗਵਾਈ ਹੇਠ ਜ਼ਿਲਾ ਪ੍ਰਸ਼ਾਸ਼ਨ ਵਲੋਂ ਦਾਣਾ ਮੰਡੀਆਂ ਵਿਚ ਜਿਥੇ ਕਣਕ ਦੀ ਖਰੀਦ ਤੇ ਚੁਕਾਈ ਪ੍ਰਕਿਰਿਆ ਨਿਰਵਿਘਨ ਚਲਾਈ ਰਹੀ ਹੈ, ਉਸਦੇ ਨਾਲ ਕਿਸਾਨਾਂ ਨੂੰ 27 ਅਪ੍ਰੈਲ ਤਕ 430 ਕਰੋੜ 9 ਲੱਖ ਰੁਪਏ ਦੀ ਅਦਾਇਗੀ ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਸਿੱਧੀ ਕੀਤੀ ਜਾ ਚੁੱਕੀ ਹੈ। ਮੰਡੀਆਂ ਵਿਚ ਕਿਸਾਨਾਂ ਦੀ ਸਹੂਲਤ ਲਈ ਪੰਜਾਬ ਸਰਕਾਰ ਦੇ ਅਨਾਜ ਖਰੀਦ ਪੋਰਟਲ ਤੇ ਰਜਿਸ਼ਟਰੇਸ਼ਨ ਕਰਨ ਸਬੰਧੀ ਮੰਡੀਆਂ ਵਿਚ ਵਿਸ਼ੇਸ ਪ੍ਰਬੰਧ ਕੀਤੇ ਗਏ ਹਨ ਅਤੇ ਸਪੈਸ਼ਲ ਟੀਮਾਂ ਵਲੋ ਮੰਡੀਆਂ ਵਿਚ ਬੈਠ ਕੇ ਕਿਸਾਨ ਤੇ ਆੜ੍ਹਤੀਆਂ ਨੂੰ ਪੋਰਟਲ ਤੇ ਰਜਿਸ਼ਟਰੇਸ਼ਨ ਸਬੰਧੀ ਸਹੂਲਤ ਮੁਹੱਈਆ ਕਰਵਾਈ ਗਈ ਹੈ। ਜ਼ਿਲ੍ਹਾ ਫੂਡ ਸਪਲਾਈ ਤੇ ਕੰਟਰੋਲਰ ਗੁਰਦਾਸਪੁਰ ਸ੍ਰੀਮਤੀ ਐਸ.ਦੇਵਗਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲੇ ਦੀਆਂ ਮੰਡੀਆਂ ਵਿਚ 353055 ਮੀਟਰਕ ਟਨ ਕਣਕ ( 27 ਅਪ੍ਰੈਲ ਤਕ) ਦੀ ਆਮਦ ਹੋ ਚੁੱਕੀ ਹੈ, ਜਿਸ ਵਿਚੋਂ 345093 ਮੀਟਰਕ ਟਨ ਦੀ ਖਰੀਦ ਹੋ ਗਈ ਹੈ। ਪਨਗਰੇਨ ਵਲੋਂ 95822 ਮੀਟਰਕ ਟਨ, ਮਾਰਕਫੈੱਡ ਵਲੋਂ 86353 ਮੀਟਰਕ ਟਨ, ਪਨਸਪ ਵਲੋਂ 82263 ਮੀਟਰਕ ਟਨ, ਵੇਅਰਹਾਊਸ ਵਲੋਂ 49604 ਅਤੇ ਐਫ.ਸੀ.ਆਈ ਵਲੋਂ 31051 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਮੰਡੀਆਂ ਵਿਚੋਂ 55 ਫੀਸਦ ਫਸਲ ਦੀ ਚੁਕਾਈ ਹੋ ਚੁੱਕੀ ਹੈ ਤੇ ਚੁਕਾਈ ਪ੍ਰਕਿਰਿਆ ਨੂੰ ਹੋਰ ਤੇਜ਼ ਕੀਤਾ ਗਿਆ ਹੈ। ਉਨਾਂ ਨੇ ਅੱਗੇ ਦੱਸਿਆ ਕਿ ਜ਼ਿਲ੍ਹੇ ਦੀਆਂ ਦਾਣਾ ਮੰਡੀਆਂ ਵਿਚ ਕਣਕ ਦੀ ਆਮਦ ਤੇਜ਼ੀ ਨਾਲ ਵਧੀ ਹੈ, ਉਸਦੇ ਨਾਲ ਫਸਲ ਦੀ ਚੁਕਾਈ ਨੂੰ ਨਾਲੋ-ਨਾਲ ਯਕੀਨੀ ਬਣਾਇਆ ਗਿਆ ਹੈ। ਖਰੀਦ ਏਜੰਸੀਆਂ ਵਲੋਂ ਦਾਣਾ ਮੰਡੀਆਂ ਵਿਚ ਬਾਰਦਾਨੇ ਦੀ ਉਪਲੱਬਧਤਾ ਨੂੰ ਯਕੀਨੀ ਬਣਾਇਆ ਗਿਆ ਹੈ ਤੇ ਮੰਡੀਆਂ ਵਿਚ ਬਾਰਦਾਨੇ ਦੀ ਕਮੀ ਨੂੰ ਪੂਰਾ ਕੀਤਾ ਗਿਆ ਹੈ। ਉਨਾਂ ਨੇ ਅੱਗੇ ਦੱਸਿਆ ਕਿ ਦਾਣਾ ਮੰਡੀਆਂ ਵਿਚ ਕਿਸਾਨਾਂ ਨੂੰ ਕੋਵਿਡ ਬਿਮਾਰੀ ਤੋਂ ਬਚਾਅ ਲਈ ਵਿਸ਼ੇਸ ਪ੍ਰਬੰਧ ਹਨ। ਮੰਡੀਆਂ ਵਿਚ ਸ਼ੈਨਾਟਾਇਜ਼ਰ ਅਤੇ ਮਸਾਕ ਉਪਲੱਬਧ ਹਨ ਅਤੇ ਪੀਣ ਲਈ ਸਾਫ ਪਾਣੀ ਆਦਿ ਵਿਵਸਥਾ ਮੁਹੱਈਆ ਕਰਵਾਈ ਗਈ ਹੈ। ਉਨਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕਣਕ ਦੀ ਫਸਲ ਸੁਕਾ ਹੀ ਮੰਡੀਆਂ ਵਿਚ ਲਿਆਉਣ, ਤਾਂ ਜੋ ਉਨਾਂ ਨੂੰ ਮੰਡੀਆਂ ਵਿਚ ਕੋਈ ਮੁਸ਼ਕਿਲ ਪੇਸ਼ ਨਾ ਆਵੇ, ਪ੍ਰਸ਼ਾਸਨ ਕਣਕ ਦਾ ਦਾਣਾ-ਦਾਣਾ ਖਰੀਦਣ ਲਈ ਵਚਨਬੱਧ ਹੈ।

www.lokbani.com
lokbani08@gmail.com

# ਸ਼ਹੀਦ ਫੌਜੀ ਅਮਰਦੀਪ ਸਿੰਘ ਦਾ ਪਿੰਡ ਕਰਮਗੜ੍ਹ ਵਿਖੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ



**ਬਰਨਾਲਾ/ਰਮਨਦੀਪ ਧਾਲੀਵਾਲ**

ਪੰਜਾਬ ਰੈਜੀਮੈਂਟ ਦਾ ਬਹਾਦਰ ਸਿਪਾਹੀ ਅਮਰਦੀਪ ਸਿੰਘ (23) ਪੁੱਤਰ ਮਨਜੀਤ ਸਿੰਘ, ਜੋ ਲੰਘੀ 25 ਅਪਰੈਲ ਨੂੰ ਸਿਆਚਿਨ ਵਿਖੇ ਆਪਣੀ ਡਿਊਟੀ ਦੌਰਾਨ ਸ਼ਹੀਦ ਹੋ ਗਿਆ ਸੀ, ਦਾ ਅੱਜ ਪਿੰਡ ਕਰਮਗੜ੍ਹ ਵਿਖੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ ਕੀਤਾ ਗਿਆ। ਇਸ ਮੌਕੇ ਸ਼ਹੀਦ ਸੈਨਿਕ ਨੂੰ ਸਲਾਮੀ ਦਿੱਤੀ ਗਈ ਅਤੇ ਡਿਪਟੀ ਕਮਿਸ਼ਨਰ ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਅਤੇ ਉਪ ਮੰਡਲ ਮੈਜਿਸਟ੍ਰੇਟ ਬਰਨਾਲਾ ਸ੍ਰੀ ਵਰਜੀਤ ਵਾਲੀਆ ਸਮੇਤ ਵੱਖ ਵੱਖ ਸ਼ਖਸੀਅਤਾਂ ਅਤੇ ਪਿੰਡ ਵਾਸੀਆਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਸ. ਤੇਜ ਪ੍ਰਤਾਪ ਸਿੰਘ ਫੂਲਕਾ ਨੇ ਕਿਹਾ ਕਿ ਬਹਾਦਰ ਸੈਨਿਕ ਅਮਰਦੀਪ ਸਿੰਘ ਨੇ ਜਵਾਨੀ ਵਿਚ ਦੇਸ਼ ਤੋਂ ਆਪਾ ਵਾਰ ਦਿੱਤਾ। ਉਨਾਂ ਸ਼ਹੀਦ ਸੈਨਿਕ ਦੇ ਪਰਿਵਾਰ ਨਾਲ ਹਮਦਰਦੀ ਜ਼ਾਹਰ ਕਰਦਿਆਂ ਕਿਹਾ ਕਿ ਸੈਨਿਕ ਅਮਰਦੀਪ ਸਿੰਘ ਦੀ ਆਪਣੀ ਡਿਊਟੀ ਪ੍ਰਤੀ ਸਮਰਪਣ ਭਾਵਨਾ ਸਾਡੇ ਸਭ ਲਈ ਮਿਸਾਲ ਹੈ। ਉਨਾਂ ਕਿਹਾ ਕਿ ਜ਼ਿਲਾ ਪ੍ਰਸ਼ਾਸਨ ਪਰਿਵਾਰ ਦੇ ਹਮੇਸ਼ਾ ਨਾਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦ ਦੇ ਪਰਿਵਾਰ ਲਈ 50 ਲੱਖ ਰੁਪਏ ਦਾ ਐਕਸ-ਗ੍ਰੇਸ਼ੀਆ ਮੁਆਵਜ਼ਾ ਅਤੇ ਇਕ ਪਰਿਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦਾ ਐਲਾਨ ਕੀਤਾ ਗਿਆ ਹੈ। ਇਸ ਮੌਕੇ ਮਾਨੀਟਰਿੰਗ ਰੱਖਿਆ ਸੇਵਾਵਾਂ ਭਲਾਈ ਪੰਜਾਬ ਦੇ ਡਿਪਟੀ ਡਾਇਰੈਕਟਰ ਕਰਨਲ (ਸੇਵਾਮੁਕਤ) ਜਰਨੈਲ ਸਿੰਘ, ਜ਼ਿਲਾ ਰੱਖਿਆ ਭਲਾਈ ਸੇਵਾਵਾਂ ਦਫਤਰ ਬਰਨਾਲਾ ਤੋਂ ਸੁਪਰਡੈਂਟ ਰਵਿੰਦਰ ਸਿੰਘ, ਭਲਾਈ ਪ੍ਰਬੰਧਕ ਕੈਪਟਨ ਸੁਖਪਾਲ ਸਿੰਘ, 21 ਪੰਜਾਬ ਬਟਾਲੀਅਨ ਤੋਂ ਨਾਇਬ ਸੂਬੇਦਾਰ ਸੁਖਦੇਵ ਸਿੰਘ, ਕਲਰਕ ਜਗਦੀਪ ਸਿੰਘ ਨੇ ਦਿੱਤੀ ਸਲਾਮੀ ਅਤੇ ਮੌਜੂਦਾ ਐਮਪੀ ਅਤੇ ਐਮਐਲਏ ਸਮੇਤ ਹੋਰ ਸਿਆਸੀ ਪਾਰਟੀਆਂ ਦੇ ਆਗੂ ਰਹੇ ਗ਼ੈਰਹਾਜ਼ਰ ਸ਼ਹੀਦ ਫੌਜੀ ਅਮਰਦੀਪ ਸਿੰਘ ਦੀ ਅੰਤਮ ਵਿਦਾਇਗੀ ਮੌਕੇ ਜਿੱਥੇ ਪੂਰੇ ਇਲਾਕੇ ਦੇ ਹਜਾਰਾਂ ਲੋਕਾਂ ਨੇ ਹਾਜ਼ਰੀ ਭਰੀ ਉਥੇ ਹੀ ਰਾਜਨੀਤਕ ਪਾਰਟੀਆਂ ਨੇ ਅੰਤਿਮ ਵਿਦਾਇਗੀ ਮੌਕੇ ਦੂਰੀ ਬਣੀ ਰੱਖੀਂ । ਇਸ ਮੌਕੇ ਮੌਜੂਦਾ ਮੈਂਬਰ ਪਾਰਲੀਮੈਂਟ ਭਗਵੰਤ ਮਾਨ ਅਤੇ ਐਮਐਲਏ ਮੀਤ ਹੇਅਰ ਸਮੇਤ ਹੋਰ ਸਿਆਸੀ ਪਾਰਟੀਆਂ ਦੇ ਆਗੂ ਗੈਰਹਾਜ਼ਰ ਰਹੇ ਜਿਸ ਦੀ ਚਰਚਾ ਪੂਰੇ ਇਲਾਕੇ ਵਿਚ ਹੋ ਰਹੀ ਹੈ। ਸ਼ਹੀਦ ਫੌਜੀ ਦੀ ਅੰਤਮ ਵਿਦਾਇਗੀ ਮੌਕੇ ਇਲਾਕੇ ਦੀਆਂ ਮੋਹਤਵਰ ਸ਼ਖਸੀਅਤਾਂ ਨੇ ਵੀ ਹਾਜ਼ਰੀ ਭਰੀ। ਇਸ ਅੰਤਮ ਵਿਦਾਇਗੀ ਮੌਕੇ ਸ ਰਛਪਾਲ ਸਿੰਘ ਢੀਂਡਸਾ, ਐਸਐਚਓ ਠੁੱਲੀਵਾਲ ਗੁਰਤਾਰ ਸਿੰਘ, ਸਾਬਕਾ ਸੈਨਿਕ ਵਿੰਗ ਗੁਰਜਿੰਦਰ ਸਿੰਘ ਸਿੱਧੂ, ਸਰਪੰਚ ਬਲਵੀਰ ਸਿੰਘ ਕਰਮਗੜ੍ਹ, ਯੂਥ ਅਕਾਲੀ ਆਗੂ ਜਸਬੀਰ ਸਿੰਘ, ਸਮਾਜ ਸੇਵੀ ਗੁਰਦੀਪ ਸਿੰਘ ਟੱਲੇਵਾਲੀਆ, ਐਮਸੀ ਧਰਮਾ ਸਿੰਘ, ਸਾਬਕਾ ਸਰਪੰਚ ਜਗਦੇਵ ਸਿੰਘ , ਪੰਚ ਸੁਰਜੀਤ ਸਿੰਘ , ਮਿੰਨੀ ਬੈਂਕ ਪ੍ਰਦੀਪ ਸਿੰਘ ਕਰਮਗੜ੍ਹ, ਹਰਦੀਪ ਸਿੰਘ ਕਰਮਗੜ੍ਹ ਵੀ ਹਾਜਰ ਸਨ ।

# ਫੱਟੀ, ਕਲਮ ਤੇ ਦਵਾਤ, ਅੱਜ ਵਿਰਸੇ ਦੀ ਬਾਤ ਬਣ ਗਏ ਹਨ

ਹੁਣ ਜਦੋਂ ਵੀ ਕਦੇ ਬੱਚਿਆਂ ਦੇ ਮੋਢਿਆਂ ਵਿੱਚ ਬਸਤੇ ਪਾਏ ਦਿਖ ਜਾਣ ਤਾਂ ਬੀਤਿਆਂ ਬਚਪਨ ਯਾਦ ਆ ਜਾਂਦਾ ਹੈ ਬੱਸ ਫਿਰ ਇੱਕ ਚੀਜ ਦੀ ਘਾਟ ਰੜਕਨ ਲੱਗ ਜਾਂਦੀ ਹੈ ਉਹ ਹੈ ਫੱਟੀ।ਅੱਜ ਦੇ ਸਮੇਂ ਦੇ ਬੱਚਿਆਂ ਦੇ ਹੱਥ ਵਿੱਚ ਰੋਟੀ ਵਾਲਾ ਡੱਬਾ (ਤਨੀ ਵਾਲਾ ) ਫੜਿਆਂ ਹੁੰਦਾ ਹੈ ਪਰ ਸਾਡੇ ਸਮੇਂ ਵਿੱਚ ਬੱਚਿਆਂ ਦੇ ਹੱਥ ਵਿੱਚ ਫੱਟੀ ਹੁੰਦੀ ਸੀ ।ਫੱਟੀ, ਕਲਮ ਤੇ ਦਵਾਤ ਦਾ ਨਾਂ ਦਿਮਾਗ਼ ਵਿਚ ਆਉਂਦੇ ਸਾਰ ਹੀ ਬਹੁਤਿਆਂ ਨੂੰ ਅਪਣਾ ਬੀਤੇ ਬਚਪਨ ਦੀ ਖ਼ੁਸ਼ਬੋ ਯਾਦ ਆ ਜਾਂਦੀ ਹੈ। ਕੁੱਝ ਵਰ੍ਹੇ ਪਹਿਲਾਂ ਤਕ ਪ੍ਰਾਇਮਰੀ ਸਕੂਲਾਂ ਵਿਚ ਬੱਚੇ ਖ਼ੁਸ਼ੀ-ਖ਼ੁਸ਼ੀ ਫੱਟੀਆਂ, ਕਲਮਾਂ ਤੇ ਸਿਆਹੀ ਦੀਆਂ ਦਵਾਤਾਂ ਦੀ ਵਰਤੋਂ ਕਰਦੇ ਹੁੰਦੇ ਸਨ। ਗਾਚਨੀ ਨਾਲ ਫੱਟੀ ਪੋਚਣੀ, ਧੁੱਪ ਵਿਚ ਹਿਲਾ-ਹਿਲਾ ਕੇ ਸੁਕਾਉਣੀ, ਕਾਨਿਆਂ ਦੀ ਵਰਤੋਂ ਕਰ ਕੇ ਬਲੇਡ ਜਾਂ ਚਾਕੂ ਨਾਲ ਕਲਮ ਬਣਾਉਦਿਆ ਹੱਥ ਤੇ ਵੀ ਵੱਜ ਜਾਂਦਾ ਸੀ।ਉਦੋਂ ਇਹ ਸੱਟਾਂ ਦਾ ਪਤਾ ਹੀ ਨਹੀਂ ਹੁੰਦਾ ਸੀ।ਫਿਰ ਕਾਲੀ ਸਿਆਹੀ ਦੇ ਛੋਟੇ-ਛੋਟੇ ਪੈਕਟ ਦਵਾਤ ਵਿਚ ਪਾ ਕੇ ਪਾਣੀ ਮਿਲਾ ਕੇ ਸਿਆਹੀ ਤਿਆਰ ਕਰਨੀ ਤੇ ਕਈ ਵਾਰ ਸਿਆਹੀ ਨੂੰ ਗੂੜ੍ਹੀ ਬਣਾਉਣ ਲਈ ਉਸ ਵਿਚ ਛੋਟੀ ਜਿਹੀ ਗੁੜ ਦੀ ਡਲੀ ਪਾ ਦੇਣੀ, ਇਹ ਸੱਭ ਗੱਲਾਂ ਹੁਣ ਬਸ ਯਾਦਾਂ ਵਿਚ ਹੀ ਰਹਿ ਗਈਆਂ ਹਨ। ਸਵੇਰ ਦੀ ਸਭਾ ਤੋਂ ਬਾਅਦ ਜਮਾਤ 'ਚ ਆ ਕੇ ਅਸੀਂ ਫੱਟੀਆਂ ਲਿਖਣੀਆਂ ਫਿਰ ਅੱਧੀ ਛੁੱਟੀ ਗਾਚੀ ਫੇਰ ਫੇਰ ਪੋਚਣੀਆਂ, 'ਸੂਰਜਾ ਸੂਰਜਾ ਫੱਟੀ ਸੁਕਾ' ਕਹਿ ਕੇ ਹਿਲਾ ਹਿਲਾ ਕੇ



**ਗਗਨਦੀਪ ਧਾਲੀਵਾਲ ਝਲੂਰ ਬਰਨਾਲਾ**
**ਜਨਰਲ ਸਕੱਤਰ ਮਹਿਲਾ ਕਾਵਿ ਮੰਚ ਪੰਜਾਬ**

ਸੁਕਾਉਣੀਆਂ, ਬਾਅਦ 'ਚ ਫਿਰ ਲਿਖਣੀਆਂ, ਅਧਿਆਪਕਾਂ ਨੇ ਚੈਕ ਕਰਨੀਆਂ। ਹੁਣ ਇਸ ਦੀ ਜਗਾ ਕਾਪੀਆਂ ਤੇ ਬਾਲ ਪੈਨਾਂ ਨੇ ਲੈ ਲਈ ਹੈ, ਜਿਸ ਨਾਲ ਲਿਖਾਈ ਦੀ ਸੁੰਦਰਤਾ ਵਿਗੜਦੀ ਜਾ ਰਹੀ ਹੈ। ਪਰ ਸਾਡੇ ਸਮੇਂ ਬੱਚੇ ਅੱਖਰ ਲਿਖ



ਜ਼ਰੂਰ ਲੈਂਦੇ ਸਨ ਪਰ ਉਨਾਂ ਨੂੰ ਅੱਖਰਾਂ ਦੀ ਸਹੀ ਬਣਾਵਟ ਦਾ ਪਤਾ ਨਹੀਂ ਚਲਦਾ ਫੱਟੀਆਂ ਸੁੱਕ ਜਾਣ ਉਤੇ ਮਾਸਟਰ ਜੀ ਉਨ੍ਹਾਂ ਉੱਪਰ ਪੈਨਸਲ ਨਾਲ ਸਿੱਧੀਆਂ ਲਕੀਰਾਂ ਮਾਰ ਦਿੰਦੇ ਸਨ ਤੇ ਫਿਰ ਖ਼ਾਨਿਆਂ ਵਿਚ ਟੋਕਵੀਂ ਗਿਣਤੀ ਤੇ ਟੋਕਵੇਂ ਸ਼ਬਦ, ਸੁੰਦਰ ਲਿਖਾਈ ਜਾਂ ਸਕੂਲ ਦਾ ਕੰਮ ਕਰਵਾਉਂਦੇ ਹੁੰਦੇ ਸਨ। ਫੱਟੀ ਨੂੰ ਸਕੂਲ ਦੇ ਨੇੜੇ ਚਲਦੇ ਖ਼ਾਲੇ ਜਾਂ ਹੋਰ ਪਾਣੀ ਦੇ ਸੋਮੇ ਕੋਲ ਜਾ ਕੇ ਸਾਰੇ ਬੱਚੇ ਜਮਾਤ ਅਨੁਸਾਰ ਫੱਟੀਆਂ ਧੋ ਲੈਂਦੇ ਸਨ। ਸਾਡੇ ਅਧਿਆਪਕਾਂ ਨੇ ਫੱਟੀ ਤੇ ਪੂਰਨੇ ਪਾ ਦੇਣੇ ਤੇ ਅਸੀਂ ਕਲਮ ਨੂੰ ਸਿਆਹੀ ਵਾਲੀ ਦਵਾਤ 'ਚ ਡਬੋ ਡਬੋ ਕੇ ਫੱਟੀ ਲਿਖ ਮਾਰਨੀ। ਇਸ ਨਾਲ ਬੱਚਿਆਂ ਦੀ ਲਿਖਾਈ ਵਿਚ ਬਹੁਤ ਸੁਧਾਰ ਹੁੰਦਾ ਸੀ ਪਰ ਅੱਜ ਆਧੁਨਿਕਤਾ ਦੀ ਹਨੇਰੀ ਸਾਡੇ ਸਮਾਜ 'ਚ ਇਸ ਤਰਾਂ ਆਈ ਕਿ ਇਹੀ ਫੱਟੀਆਂ ਸਾਨੂੰ ਪਿਛੜਾਪਨ ਜਾਪਣ ਲੱਗ ਪਈਆਂ? ਅੱਜ ਪੰਜਾਬ ਦਾ ਸ਼ਾਇਦ ਹੀ ਕੋਈ ਟਾਂਵਾ-ਟੱਲਾ ਸਕੂਲ ਹੋਵੇ ਜਿਸ 'ਚ ਇਨਾਂ ਫੱਟੀਆਂ ਤੇ ਲਿਖਾਈ ਸ਼ਿੰਗਾਰੀ ਜਾਂਦੀ ਹੋਵੇ।

# ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਵਿਖੇ ਹੋਇਆ ਨਾਮ ਸਿਮਰਨ ਅਭਿਆਸ ਸਮਾਗਮ




**ਲੁਧਿਆਣਾ/ਸੁਖਚੈਨ**

ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੋੜਨ ਦੇ ਮਕਸਦ ਤਹਿਤ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਫੀਲਡ ਗੰਜ ਵਿਖੇ ਨਾਮ ਸਿਮਰਨ ਅਭਿਆਸ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੰਗਤਾਂ ਨੂੰ ਬੀਬੀ ਜਸਪ੍ਰੀਤ ਲਖਨਊ ਵਾਲਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ । ਭਾਈ ਰਜਿੰਦਰਪਾਲ ਸਿੰਘ ਖਾਲਸਾ ਨੇ ਆਪਣੇ ਜਥੇ ਸਮੇਤ ਸੰਗਤੀ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਤੇ ਸ੍ਰੀ ਚੌਪਈ ਸਾਹਿਬ ਜੀ ਦੇ ਪਾਠ ਸੰਗਤਾਂ ਨੂੰ ਸਰਵਨ ਕਰਵਾਏ, ਜਦੋਂਕਿ ਭਾਈ ਗੁਰਦਾਸ ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀ ਅਤੇ ਭਾਈ ਬਲਵਿੰਦਰ ਸਿੰਘ ਨੇ ਸੰਗਤੀ ਰੂਪ 'ਚ ਸ੍ਰੀ ਸੁਖਮਨੀ ਸਾਹਿਬ ਜੀ ਦੀ ਬਾਣੀ ਦੇ ਪਾਠ ਸਭ ਸੰਗਤਾਂ ਨੂੰ ਸਰਵਣ ਕਰਵਾਏ ਅਤੇ ਗੁਰੂ ਸ਼ਬਦ ਨਾਲ ਜੋੜਿਆ। ਗਿਆਨੀ ਕੁਲਵਿੰਦਰ ਸਿੰਘ ਨੇ ਸ੍ਰੀ ਸੁਖਮਨੀ ਸਾਹਿਬ ਜੀ 'ਚੋਂ ਵਿਆਖਿਆ ਕਰਕੇ ਸੰਗਤਾਂ ਨੂੰ ਸ਼ਬਦ ਗੁਰੂ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਅੰਤ 'ਚ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਫੀਲਡ ਗੰਜ ਲੁਧਿਆਣਾ ਦੇ ਜਨਰਲ ਸਕੱਤਰ ਅਵਤਾਰ ਸਿੰਘ ਨੇ ਰਾਗੀ ਜਥਿਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਰਣਦੀਪ ਸਿੰਘ ਡਿੰਪਲ, ਕੁਲਦੀਪ ਸਿੰਘ ਦੂਆ, ਗੁਰਪ੍ਰੀਤ ਸਿੰਘ ਵਿੱਕਲ, ਕਮਲਪ੍ਰੀਤ ਸਿੰਘ ,ਅਮਰਜੀਤ ਸਿੰਘ ਹੈਪੀ, ਜਤਿੰਦਰ ਸਿੰਘ ਰੋਬਿਨ, ਰਜਿੰਦਰਪਾਲ ਸਿੰਘ ਟਿੰਕੂ, ਗੁਰਿੰਦਰਪਾਲ ਸਿੰਘ, ਸਤਨਾਮ ਸਿੰਘ, ਜਗਜੀਤ ਸਿੰਘ, ਅਰਸ਼ਦੀਪ ਸਿੰਘ , ਹਰਜੋਤ ਸਿੰਘ ਹੈਰੀ ਅਤੇ ਅਰਵਿੰਦਰਪਾਲ ਸਿੰਘ ਧੰਜਲ ਆਦਿ ਨੇ ਵੀ ਹਾਜ਼ਰੀ ਭਰੀ।

# ਨੰਗਲ ਲੁਬਾਣਾ ਵਿਖੇ 45 ਸਾਲ ਤੋਂ ਉਪਰ ਦੇ 1334 ਵਿਅਕਤੀਆਂ ਵਿਚੋਂ 1213 ਵਿਅਕਤੀਆਂ ਦੀ ਵੈਕਸੀਨੇਸ਼ਨ

**ਭੁਲੱਥ/ਕਪੂਰਥਲਾ/ ਸੁਖੀਜਾ**



ਕਪੂਰਥਲਾ ਜਿਲੇ ਵਿਚ ਚੱਲ ਰਹੇ 45 ਸਾਲ ਤੋਂ ਉੱਪਰ ਦੇ ਲੋਕਾਂ ਦੀ ਟੀਕਾਕਰਣ ਮੁਹਿੰਮ ਦੇ ਤਹਿਤ ਪਿੰਡ ਨੰਗਲ ਲੁਬਾਣਾ ਜਿਲੇ ਦਾ ਮੋਹਰੀ ਪਿੰਡ ਸਾਬਤ ਹੋਇਆ। ਪਿੰਡ ਦੀ ਕੁੱਲ ਆਬਾਦੀ 5234 ਹੋਣ ਕਰਕੇ ਇਹ ਪਿੰਡ ਸੀ. ਐਚ.ਸੀ.ਬੇਗੋਵਾਲ ਦਾ ਸਭ ਤੋਂ ਵੱਡਾ ਪਿੰਡ ਹੈ। ਇਸ ਵਿਚ 1334 ਲਾਭਪਾਤਰੀ 45 ਸਾਲ ਤੋਂ ਉੱਪਰ ਦੀ ਉਮਰ ਦੇ ਹਨ, ਜਿਨ੍ਹਾਂ ਵਿੱਚੋਂ 1213 ਦੀ ਵੈਕਸ਼ੀਨੇਸ਼ਨ ਹੋ ਚੁੱਕੀ ਹੈ। ਸੀਨੀਅਰ ਮੈਡੀਕਲ ਅਫਸਰ ਡਾ. ਕਿਰਨਪ੍ਰੀਤ ਕੌਰ ਸੇਖੋਂ, ਉਨ੍ਹਾਂ ਦੀ ਵੈਕਸੀਨੇਸ਼ਨ ਟੀਮ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ 1213 ਲੋਕਾਂ ਦੀ ਵੈਕਸੀਨੇਸ਼ਨ ਕੀਤੀ ਗਈ ਜੋਕਿ ਇਕ ਬਹੁਤ ਵੱਡੀ ਉਪਲਬੱਧੀ ਹੈ। ਡਾ. ਕਿਰਨਪ੍ਰੀਤ ਕੌਰ ਸੇਖੋਂ ਨੇ ਦੱਸਿਆ ਕਿ ਵੈਕਸੀਨੇਸ਼ਨ ਤੋਂ ਬਾਅਦ ਕਿਸੇ ਵੀ ਲਾਭਪਾਤਰੀ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਹੋਈ। ਉਨ੍ਹਾਂ ਸਫਲ ਵੈਕਸੀਨੇਸ਼ਨ ਕੈਂਪ ਲਈ ਸੀ.ਐਚ.ਸੀ. ਬੇਗੋਵਾਲ ਅਤੇ ਪਿੰਡ ਦੇ ਲੋਕਾਂ ਦੀ ਸ਼ਲਾਘਾ ਕੀਤੀ ਹੈ। ਇਸ ਸੰਬੰਧ ਵਿਚ ਡਿਪਟੀ ਕਮਿਸ਼ਨਰ ਦੀਪਤੀ ਉੱਪਲ ਦਾ ਕਹਿਣਾ ਹੈ ਕਿ ਬਾਕੀਆਂ ਨੂੰ ਵੀ ਇਸ ਪਿੰਡ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ ਅਤੇ ਵੈਕਸੀਨੇਸ਼ਨ ਲਈ ਵੱਧ ਤੋਂ ਵੱਧ ਲੋਕਾਂ ਨੂੰ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਵੈਕਸੀਨੇਸ਼ਨ ਕਰਵਾਉਣ ਵਾਲੇ ਲੋਕਾਂ ਦੀ ਵੀ ਹੌਂਸਲਾਅਫਜਾਈ ਕੀਤੀ ਹੈ ਤੇ ਉਨ੍ਹਾਂ ਨੂੰ ਕੋਵਿਡ ਤੋਂ ਬਚਣ ਦੇ ਸਾਰੇ ਪ੍ਰੋਟੋਕੋਲ ਫਾਲੋ ਕਰਨ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਜਨਤਾ ਦਾ ਇਸ ਤਰ੍ਹਾਂ ਦਾ ਸਹਿਯੋਗ ਕੋਵਿਡ ਦੇ ਪਸਾਰ ਨੂੰ ਰੋਕਣ ਵਿਚ ਸਹਾਈ ਹੋਏਗਾ। ਜਿਕਰਯੋਗ ਹੈ ਕਿ ਵੈਕਸੀਨੇਸ਼ਨ ਟੀਮ ਵਿਚ ਏ.ਐਨ.ਐਮ. ਪਰਮਿੰਦਰ ਕੌਰ, ਬੀ.ਈ.ਈ.ਨੀਤੂ, ਆਸ਼ਾ ਫੈਸੀਲੀਟੇਟਰ ਅਨੂਪ ਲਤਾ ਸ਼ਾਮਲ ਸਨ।

# ਸੁਭਾਨਪੁਰ ਪੁਲਿਸ ਵੱਲੋਂ 5000 ਨਸ਼ੀਲੀਆਂ ਗੋਲੀਆਂ ਅਤੇ 5 ਕਿਲੋਗ੍ਰਾਮ ਡੋਡੇ ਸਮੇਤ 2 ਕਾਬੂ

**ਕਪੂਰਥਲਾ/ਸੁਭਾਨਪੁਰ/ ਲੋਕ ਬਾਣੀ**



ਥਾਣਾ ਸੁਭਾਨਪੁਰ ਦੀ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਵੱਡੀ ਮਾਤਰਾ ਵਿੱਚ ਨਸ਼ੀਲੀਆਂ ਗੋਲੀਆਂ ਅਤੇ ਡੋਡਿਆਂ ਸਮੇਤ 2 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਸੁਭਾਨਪੁਰ ਅਮਨਦੀਪ ਨਾਹਰ ,ਏ.ਐਸ.ਆਈ. ਬਲਵੀਰ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਹਮੀਰਾ, ਲੱਖਣ ਖੋਲੇ ਤੋਂ ਡੋਗਰਾਂਵਾਲ ਜਾ ਰਹੇ ਸਨ ਤਾਂ ਜਦੋਂ ਉਹ ਡੋਗਰਾਵਾਲ ਮੋੜ ਤੇ ਪਹੁੰਚੇ ਤਾਂ ਸਾਹਮਣੇ ਤੋਂ ਦੋ ਨੌਜਵਾਨ ਮੋਟਰਸਾਈਕਿਲ ਤੇ ਆਉਂਦੇ ਦਿਖਾਈ ਦਿੱਤੇ ਜੋ ਪੁਲਿਸ ਪਾਰਟੀ ਨੂੰ ਦੇਖ ਕੇ ਮੋਟਰਸਾਈਕਿਲ ਦੇ ਵਿੱਚਕਾਰ ਰੱਖਿਆ ਬੋਰਾ ਸੜਕ ਦੇ ਸਾਈਡ ਤੇ ਸੁੱਟ ਦਿੱਤਾ।ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਪੁੱਛਿਆ ਗਿਆ ਤਾਂ ਕਿ ਤੂੰ ਕੀ ਸੁੱਟਿਆ ਹੈ। ਉਹਨਾ ਨੇ ਦੱਸਿਆ ਕਿ ਇਸ ਵਿੱਚ 5000 ਨਸ਼ੀਲੀਆਂ ਗੋਲੀਆਂ ਅਤੇ 5 ਕਿਲੋਗ੍ਰਾਮ ਡੋਡੇ ਹਨ। ਥਾਣਾ ਸੁਭਾਨਪੁਰ ਦੀ ਪੁਲਿਸ ਨੇ ਗੁਰਪ੍ਰੀਤ ਸਿੰਘ ਗੋਪੀ ਵਾਸੀ ਪਿੰਡ ਬੂਟ ਅਤੇ ਪਰਮੇਸ਼ਵਰ ਸਿੰਘ ਵਾਸੀ ਲਾਟੀਆਂਵਾਲ ਤੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਜਥੇਦਾਰ ਬ੍ਰਹਮਪੁਰਾ ਨਾਲ ਹਲਕਾ, ਇਲਾਕੇ ਦੇ ਲੋਕ ਚਟਾਂਨ ਵਾਂਗ ਖੜੇ : ਸਤਨਾਮ ਸਿੰਘ, ਸੋਨੀ, ਪੱਖੋਪੁਰਾ



**ਚੋਹਲਾ ਸਾਹਿਬ/ਮਨਜੀਤ ਸਿੰਘ, ਭਗਤ ਸਿੰਘ, ਗੁਰਮੀਤ ਸਿੰਘ**

ਸਾਬਕਾ ਕੈਬਨਿਟ ਮੰਤਰੀ ਤੇ ਸਾਬਕਾ ਲੋਕ ਸਭਾ ਮੈਂਬਰ ਜਥੇਦਾਰ ਰਣਜੀਤ ਸਿੰਘ ਬ੍ਰਹਮਪਰਾ ਦੇ ਨਾਲ ਸਤਨਾਮ ਸਿੰਘ ਚੋਹਲਾ ਮੈਂਬਰ ਬਲਾਕ ਸੰਮਤੀ ਮੈਂਬਰ, ਇੰਦਰਜੀਤ ਸਿੰਘ ਸੋਨੀ ਅਤੇ ਸੁਖਵਿੰਦਰ ਸਿੰਘ ਬਿੱਟੂ ਪੱਖੋਪੁਰਾ ਨੇ ਮੀਟਿੰਗ ਕੀਤੀ ਤੇ ਜਰੂਰੀ ਵਿਚਾਰ ਚਰਚਾਵਾਂ ਕੀਤੀਆਂ। ਇਸ ਮੌਕੇ ਸਤਨਾਮ ਸਿੰਘ ਚੋਹਲਾ ਸੀਨੀਅਰ ਟਕਸਾਲੀ ਆਗੂ ਨੇ ਕੁਝ ਚੋਣਵੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀ ਘਾਗ ਸਿਆਸਤਦਾਨ ਤੇ ਮਾਝੇ ਦੇ ਜਰਨੈਲ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਨਾਲ ਚਟਾਂਨ ਵਾਂਗ ਮਜਬੂਤ ਖੜੇ ਹਾਂ ਤੇ ਜੋ ਵੀ ਸਿਆਸੀ ਵਿਰੋਧੀ ਜਾਂ ਸ਼ਰਾਰਤੀ ਅਨਸਰਾਂ ਵੱਲੋ ਅਫਵਾਹਾਂ ਫੈਲਾ ਰਹੇ ਹਨ ਅਸੀ ਬ੍ਰਹਮਪੁਰਾ ਸਾਹਿਬ ਦਾ ਸਾਥ ਛੱਡ ਦਿੱਤਾ , ਇਹ ਸਭ ਗਲਤ ਹੈ ।ਉਨਾ ਕਿਹਾ ਕਿ ਸੂਬੇ ਚ ਸਭ ਤੋ ਮੋਹਰੀ ਤੇ ਇਮਾਨਦਾਰ ਨੇਤਾ ਬ੍ਰਹਮਪੁਰਾ ਸਾਹਿਬ ਦੀ ਅਸਲੀ ਜਾਇਦਾਰ ਵੋਟਰ ਹੀ ਹਨ ਜਿਨਾ ਦੇ ਖੁਦ ਰਣਜੀਤ ਸਿੰਘ ਬ੍ਰਹਮਪੁਰਾ ਆਪ ਅੱਗੇ ਹੋ ਕੇ ਕੰਮ ਕਰਵਾਂਉਦੇ ਰਹੇ ਹਨ ਤੇ ਅੱਜ ਸੂਬੇ ਨੂੰ ਵੀ ਚੋਥਾ ਫਰੰਟ ਦਵਾਉਣ ਲਈ ਉਨਾ ਦੀ ਬੇਹੱਦ ਲੋੜ ਹੈ ਉਨਾ ਸ਼ਰਾਰਤੀ ਲੋਕਾਂ ਨੂੰ ਅਫਵਾਹਾਂ ਫੈਲਾਉਣ ਤੋ ਬਾਜਅ ਆਵੇ । ਉਨਾ ਕਿਹਾ ਕਿ ਕਰੋਨਾ ਵਾਇਰਸ ਕਾਰਨ ਅਸੀ ਮੀਟਿੰਗਾਂ ਰੱਦ ਕਰ ਕੀਤੀਆਂ ਹਨ ਤੇ ਜਲਦ ਹੀ ਹਲਾਤ ਪਹਿਲਾਂ ਵਾਂਗ ਠੀਕ ਹੋਣ ਤੇ ਲੋਕਾਂ ਨਾਲ ਰਾਬਤਾ ਬਣਾ ਕੇ ਮਿਲਿਆ ਜਾਵੇਗਾ ਤਾਂ ਜੋ ਪਰਖੀਆਂ ਪਾਰਟੀਆਂ ਨੂੰ ਉਲਾਭੇ ਕਰਕੇ ਪੰਜਾਬ ਨੂੰ ਲੋਟੂ ਟੋਲਿਆਂ ਤੋ ਬਚਾਇਆ ਜਾ ਸਕੇ ।ਸੁਖਜਿੰਦਰ ਸਿੰਘ ਬਿੱਟੂ ਪੱਖੋਪੁਰਾ ਨੇ ਕਿਹਾ ਕਿ ਸਾਡੇ ਬਜੁਰਗ ਪਿਤਾ ਸਵਰਗੀ ਕੈਪਟਨ ਸਰਵਨ ਸਿੰਘ ਪੱਖੋਪੁਰਾ ਨਾਲ ਜਥੇਦਾਰ ਬ੍ਰਹਮਪੁਰਾ ਸਾਹਿਬ ਦਾ ਬੇਹੱਦ ਪਿਆਰ ਸੀ ਤੇ ਅਸੀ ਤੇ ਸਾਡੇ ਪੂਰੇ ਪਰਿਵਾਰ ਰਣਜੀਤ ਸਿੰਘ ਬ੍ਰਹਮਪੁਰਾ ਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇ ਹਾਂ ਹਮੇਸ਼ਾ ਹੀ ਬ੍ਰਹਮਪੁਰਾ ਸਾਹਿਬ ਨਾਲ ਮੇਰੇ ਪਿਤਾ ਸ ਸਰਵਨ ਸਿੰਘ ਵਾਂਗ ਖੜੇ ਰਹਾਂਗੇ । ਇਸ ਦੇ ਨਾਲ ਹੀ ਸਤਨਾਮ ਸਿੰਘ ਚੋਹਲਾ ਸਾਹਿਬ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸ਼ਰਾਰਤੀ ਲੋਕਾਂ ਦੀਆਂ ਗੱਲਾਂ ਚ ਨਾ ਆਉਣ ਉਨਾ ਦਾ ਕੰਮ ਹੀ ਝੂਠ ਤੇ ਮਨਘੜਤ ਬਿਆਨ ਦੇਣਾ ਹੁੰਦਾ ਹੈ ।

# ਗਹਿਲੇਵਾਲ ਵਿਚ 2000 ਵਰਗ ਗਜ ਥਾਂ ਦਾ ਸਰਕਾਰੀ ਪ੍ਰਾਇਮਰੀ ਸਕੂਲ ਦਾ ਰੱਖਿਆ ਨੀਂਹ ਪੱਥਰ

**ਲੁਧਿਆਣਾ / ਅਗਰਵਾਲ**



ਹਲਕਾ ਪੂਰਬੀ ਦੇ ਵਿਧਾਇਕ ਸੰਜੇ ਤਲਵਾਰ ਵਲੋਂ ਵਾਰਡ ਨੰਬਰ 6 ਵਿੱਚ ਪੈਂਦੇ ਗਹਿਲੇਵਾਲ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੀ ਲਗਭਗ 2000 ਵਰਗ ਗਜ ਥਾਂ ਵਿੱਚ ਲਗਭਗ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਨਵੀਂ ਬਿਲਡਿੰਗ ਦੇ ਕੰਮ ਦੀ ਸੁਰੂਆਤ ਅੱਜ ਕਰਵਾਈ ਗਈ।

# 1 ਮਈ ਮਜ਼ਦੂਰ ਦਿਵਸ ਮੌਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਸੂਬੇ ਦੇ ਕਾਂਗਰਸੀ ਵਿਧਾਇਕਾਂ ਨੂੰ ਦਿੱਤੇ ਜਾਣਗੇ ਮੰਗ ਪੱਤਰ : ਪ੍ਰਧਾਨ ਜਤਿੰਦਰ ਕੌਰ

**ਚੋਹਲਾ ਸਾਹਿਬ/ਮਨਜੀਤ ਸਿੰਘ/ਭਗਤ ਸਿੰਘ**


ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸੂਬੇ ਭਰ ਦੀਆਂ 54 ਹਜ਼ਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਮਜ਼ਦੂਰ ਦਿਵਸ ਮੌਕੇ 1 ਮਈ ਨੂੰ ਸੂਬੇ ਦੇ ਸਾਰੇ ਕਾਂਗਰਸੀ ਵਿਧਾਇਕਾਂ ਨੂੰ ਉਹਨਾਂ ਦੇ ਘਰਾਂ ਵਿੱਚ ਜਾ ਕੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੇ ਨਾਮ ਮੰਗ ਪੱਤਰ ਦਿੱਤੇ ਜਾਣਗੇ।ਇਹ ਜਾਣਕਾਰੀ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਯੂਨੀਅਨ ਦੀ ਜਿਲ੍ਹਾ ਪ੍ਰਧਾਨ ਜਤਿੰਦਰ ਕੌਰ ਭੈਲ ਨੇ ਦਿੱਤੀ । ਉਹਨਾਂ ਦੱਸਿਆ ਕਿ ਕਰੋਨਾ ਮਹਾਂਮਾਰੀ ਨੂੰ ਮੁੱਖ ਰੱਖਦਿਆਂ ਹਰ ਵਿਧਾਇਕ ਦੇ ਘਰ ਯੂਨੀਅਨ ਦਾ 21 ਮੈਂਬਰੀ ਵਫ਼ਦ ਜਾਵੇਗਾ ਤੇ ਵਿਧਾਇਕ ਨਾਲ ਗੱਲਬਾਤ ਕਰਕੇ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਤੋਂ ਜਾਣੂ ਕਰਵਾਵੇਗਾ ਅਤੇ ਇਹ ਮੰਗ ਕਰੇਗਾ ਕਿ ਉਹਨਾਂ ਦੀ ਅਵਾਜ਼ ਪੰਜਾਬ ਸਰਕਾਰ ਤੱਕ ਪੁੱਜਦੀ ਕੀਤੀ ਜਾਵੇ।ਉਹਨਾਂ ਮੰਗ ਕੀਤੀ ਕਿ ਆਂਗਣਵਾੜੀ ਸੈਂਟਰਾਂ ਦੇ 3 ਸਾਲ ਤੋਂ 6 ਸਾਲ ਤੱਕ ਦੇ ਬੱਚੇ ਜੋ ਸਰਕਾਰ ਨੇ 2017 ਵਿੱਚ ਖੋਹ ਕੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਭੇਜ ਦਿੱਤੇ ਸਨ , ਨੂੰ ਹੋਏ ਸਮਝੌਤੇ ਅਨੁਸਾਰ ਵਾਪਸ ਸੈਂਟਰਾਂ ਵਿੱਚ ਭੇਜਿਆ ਜਾਵੇ।ਨਰਸਰੀ ਟੀਚਰ ਦਾ ਦਰਜ਼ਾ ਆਂਗਣਵਾੜੀ ਵਰਕਰਾਂ ਨੂੰ ਦਿੱਤਾ ਜਾਵੇ । ਪੰਜਾਬ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਹਰਿਆਣਾ ਪੈਟਰਨ ਤੇ ਮਾਣ ਭੱਤਾ ਦਿੱਤਾ ਜਾਵੇ । ਐਨ ਜੀ ਓ ਅਧੀਨ ਕੰਮ ਕਰਦੀਆਂ ਵਰਕਰਾਂ ਤੇ ਹੈਲਪਰਾਂ ਅਤੇ ਕਰੈੱਚ ਵਰਕਰਾਂ ਨੂੰ ਵਿਭਾਗ ਅਧੀਨ ਲਿਆਂਦਾ ਜਾਵੇ । ਵਰਕਰਾਂ ਨੂੰ ਸਮਾਰਟ ਫ਼ੋਨ ਦਿੱਤੇ ਜਾਣ , ਉਤਸ਼ਾਹ ਵਰਧਕ ਰਾਸ਼ੀ ਕ੍ਰਮਵਾਰ ਵਰਕਰ ਤੇ ਹੈਲਪਰ ਨੂੰ 500 ਰੁਪਏ ਤੇ 250 ਰੁਪਏ ਦਿੱਤੇ ਜਾਣ ਅਤੇ ਸਰਕਲ ਮੀਟਿੰਗ ਦਾ ਕਿਰਾਇਆ 200 ਰਪਏ ਦਿੱਤਾ ਜਾਵੇ । ਪੀ ਐਮ ਵੀ ਵਾਈ ਦੇ 2017 ਤੋਂ ਪੈਡਿੰਗ ਪਏ ਪੈਸੇ ਰਲੀਜ਼ ਕੀਤੇ ਜਾਣ।ਉਹਨਾਂ ਦੱਸਿਆ ਕਿ ਜਥੇਬੰਦੀ ਦੇ ਫੈਸਲੇ ਅਨੁਸਾਰ ਜੇਕਰ 15 ਦਿਨਾਂ ਤੱਕ ਉਹਨਾਂ ਦੀਆਂ ਮੰਗਾਂ ਤੇ ਮਸਲਿਆਂ ਦਾ ਕੋਈ ਹੱਲ ਨਾ ਨਿਕਲਿਆ ਤਾਂ ਫੇਰ ਕਾਂਗਰਸ ਦੇ ਸਾਰੇ ਵਿਧਾਇਕਾਂ ਅਤੇ ਮੰਤਰੀਆਂ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ ਤੇ ਉਹਨਾਂ ਨੂੰ ਖ਼ੂਨ ਨਾਲ ਲਿਖ ਕੇ ਮੰਗ ਪੱਤਰ ਦਿੱਤੇ ਜਾਣਗੇ ।



# ਹਰੇਕ ਵਿਅਕਤੀ ਨੂੰ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ ਤੇ ਚੱਲਣ ਦੀ ਲੋੜ - ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਭੱਲਾ

**ਲੁਧਿਆਣਾ/ਸੁਖਚੈਨ ਮਹਿਰਾ**

ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਜ ਸਿਵਲ ਲਾਈਨ ਲੁਧਿਆਣਾ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ੪੦੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੈਬੀਨਾਰ ਲੜੀ ੪ ਅਗਸਤ ੨੦੨੦ ਨੂੰ ਆਰੰਭ ਕੀਤੀ ਗਈ ਸੀ ਇਸ ਲੜੀ ਦੇ ਤਹਿਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਸਿੱਖਿਆਵਾਂ, ਰਚਿਤ ਬਾਣੀ, ਉਨ੍ਹਾਂ ਦੀ ਸ਼ਹਾਦਤ ਦੇ ਭੰਨ ਪ੍ਰਭਾਵਾਂ ਅਤੇ ਗੁਰੂ ਜੀ ਨਾਲ ਸਬੰਧਿਤ ਮਹਾਨ ਸਿੱਖ ਹਸਤੀਆਂ ਜਿਨ੍ਹਾਂ ਵਿੱਚ ਭਾਈ ਮੱਖਣ ਸ਼ਾਹ ਲੁਬਾਣਾ, ਲੱਖੀ ਸ਼ਾਹ ਵਣਜਾਰਾ ਆਦਿ ਬਾਰੇ ਦੇਸ਼/ਵਿਦੇਸ਼ ਦੇ ਇਤਿਹਾਸਕਾਰਾਂ ਤੇ ਵਿਦਵਾਨਾਂ ਵੱਲੋਂ ਵਿਚਾਰ ਚਰਚਾ ਕੀਤੀ ਗਈ ਸੀ ਅੱਜ ਮਿਤੀ ੨੭ ਅਪ੍ਰੈਲ ੨੦੨੧ ਨੂੰ ਗੁਰੂ ਤੇਗ ਬਹਾਦਰ ਜੀ ਦੇ ਹੁਕਮਨਾਮਿਆਂ ਨਾਲ ਸਬੰਧਿਤ ਵੈਬੀਨਾਰ ਦਾ ਆਯੋਜਨ ਕਰਵਾਇਆ ਗਿਆ ਵੈਬੀਨਾਰ ਦੇ ਆਰੰਭ @ਚ ਕਾਲਜ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਭੱਲਾ ਨੇ ਸਭ ਨੂੰ ਜੀ ਆਇਆਂ ਕਹਿੰਦੇ ਹੋਏ ਗੁਰੂ ਤੇਗ ਬਹਾਦਰ ਜੀ ਦੇ ਹੁਕਮਨਾਮਿਆਂ ਦੀ ਮਹੱਤਤਾ ਬਾਰੇ ਸੰਖੇਪ ਵਿੱਚ ਸਰੋਤਿਆਂ ਨੂੰ ਜਾਣੂ ਕਰਵਾਇਆ ਉਨ੍ਹਾਂ ਨੇ ਕਾਲਜ ਵੱਲੋਂ ਹੁਣ ਤੱਕ ਵੀਹ ਤੋਂ ਵਧੇਰੇ ਗੁਰੂ ਤੇਗ ਬਹਾਦਰ ਜੀ ਨਾਲ ਸੰਬੰਧਿਤ ਕਰਵਾਏ ਗਏ ਵੈਬੀਨਾਰਾ ਸਬੰਧੀ ਜਾਣਕਾਰੀ ਦਿੱਤੀ ਵੈਬੀਨਾਰ ਦੇ ਪਹਿਲੇ ਬੁਲਾਰੇ ਡਾ. ਜਸਬੀਰ ਸਿੰਘ ਸਾਬਰ ਸਾਬਕਾ ਮੁਖੀ ਗੁਰੂ ਨਾਨਕ ਅਧਿਐਨ ਵਿਭਾਗ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਕਿ ਗੁਰੂ ਸਾਹਿਬ ਦੇ ਹੁਕਮਨਾਮੇ ਕਿਸੇ ਇੱਕ ਖ਼ਾਸ ਵਰਗ ਜਾਂ ਜਾਤੀ ਲਈ ਨਹੀਂ ਬਲਕਿ ਸਮੁੱਚੀ ਮਾਨਵਤਾ ਲਈ ਹਨ ਉਨ੍ਹਾਂ ਦਾ ਧਾਰਮਿਕ, ਸਮਾਜਿਕ, ਆਰਥਿਕ ਤੇ ਨੈਤਿਕ ਪੱਖੋਂ ਬਹੁਤ ਮਹੱਤਵ ਹੈ ਵੈਬੀਨਾਰ ਦੇ ਦੂਸਰੇ ਬੁਲਾਰੇ ਡਾ. ਅਨੁਰਾਗ ਸਿੰਘ ਸਾਬਕਾ ਡਾਇਰੈਕਟਰ, ਸਿੱਖ ਇਤਿਹਾਸ ਬੋਰਡ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਨੇ ਵਿਸ਼ੇ ਸਬੰਧੀ ਬੋਲਦੇ ਹੋਏ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਨਾਲ ਸਬੰਧਿਤ ਕੁੱਲ ੨੯ ਹੁਕਮਨਾਮੇ ਮਿਲਦੇ ਹਨ, ਜਿਨ੍ਹਾਂ ਵਿਚ ੧੬੧ ਵਿਅਕਤੀਆਂ ਦੇ ਨਾਂ ਦਰਜ ਹਨ ਇਹ ਹੁਕਮਨਾਮੇ ਗੁਰੂ ਸਾਹਿਬਾਨ ਦੇ ਜੀਵਨ, ਧਾਰਮਿਕ, ਸਮਾਜਿਕ ਕੰਮਾਂ ਬਾਰੇ ਜਾਣਕਾਰੀ ਦਿੰਦੇ ਹਨ ਇਸ ਤਰ੍ਹਾਂ ਇਹ ਇਤਿਹਾਸ ਦਾ ਮਹੱਤਵਪੂਰਨ ਸ੍ਰੋਤ ਹਨ ਤੀਸਰੇ ਬੁਲਾਰੇ ਡਾ. ਮੋਹਨ ਸਿੰਘ ਰਤਨ, ਸਾਬਕਾ ਸੰਪਾਦਕ, ਪੰਜਾਬ ਸਟੇਟ ਯੂਨੀਵਰਸਿਟੀ, ਟੈਕਸਟ ਬੋਰਡ, ਚੰਡੀਗੜ੍ਹ ਨੇ ਸ੍ਰੋਤਿਆ ਨੂੰ ਜਾਣਕਾਰੀ ਦਿੰਦੇ ਹੋਏ ਮਸੰਦ ਪ੍ਰਥਾ ਬਾਰੇ ਜਾਣਕਾਰੀ ਦਿੱਤੀ ਉਨ੍ਹਾਂ ਨੇ ਕਿਹਾ ਕਿ ਇਸ ਵਿਸ਼ੇ @ਤੇ ਇਤਿਹਾਸਕ ਪੱਖੋਂ ਅਜੇ ਹੋਰ ਖੋਜ ਕਾਰਜ ਦੀ ਜਰੂਰਤ ਹੈ ਹੁਕਮਨਾਮਿਆ ਨੂੰ ਆਧਾਰ ਬਣਾ ਕੇ ਕੀਤੀ ਗਈ ਹੋਰ ਖੋਜ ਨਾਲ ਇਤਿਹਾਸ ਦੇ ਕਈ ਹੋਰ ਮਹੱਤਵਪੂਰਨ ਪੱਖ ਸਾਹਮਣੇ ਆਉਣਗੇ ਡਾ. ਸ. ਪ. ਸਿੰਘ ਸਾਬਕਾ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੇ ਪ੍ਰਧਾਨ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ, ਲੁਧਿਆਣਾ ਨੇ ਕਿਹਾ ਕਿ ਹੁਕਮਨਾਮਿਆ ਵਿਚਲੇ ਸੰਦੇਸ਼ ਨੂੰ ਅਸੀਂ ਆਮ ਲੋਕਾਂ ਤੱਕ ਪਹੁੰਚਾਉਣ ਵਿਚ ਨਾਕਾਮਯਾਬ ਰਹੇ ਹਾਂ ਸਿੱਖ ਸੰਸਥਾਵਾਂ ਤੇ ਇਤਿਹਾਸਕਾਰ ਦਾ ਫਰਜ਼ ਬਣਦਾ ਹੈ ਕਿ ਇਸ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਣਕਾਰੀ ਦਿੱਤੀ ਜਾਵੇ ਵੈਬੀਨਾਰ ਦੇ ਆਖੀਰ ਤੇ ਕਾਲਜ ਦੇ ਵਾਈਸ ਪ੍ਰਿੰਸੀਪਲ ਨੇ ਸਭ ਦਾ ਰਸਮੀ ਤੌਰ ਤੇ ਧੰਨਵਾਦ ਕੀਤਾ ਪ੍ਰੋ. ਗੁਰਵਿੰਦਰ ਕੌਰ ਤੇ ਪ੍ਰੋ. ਮਨਪ੍ਰੀਤ ਕੌਰ ਨੇ ਇਸ ਵੈਬੀਨਾਰ ਦਾ ਸੰਚਾਲਨ ਕੀਤਾ।



# ਨਵ ਨਿਯੁਕਤ ਜਰਨਲਿਸਟ ਪ੍ਰੈਸ ਕੱਲਬ ਰਜਿ ਪੰਜਾਬ ਦੇ ਜਿਲਾ ਕਪੂਰਥਲਾ ਦੇ ਅਹੁਦੇਦਾਰਾ ਦਾ ਸਨਮਾਨ ਕੀਤਾ

**ਕਪੂਰਥਲਾ/ਪਰਮਜੀਤ ਸੰਨੀ**

ਜਿਲਾ ਕਪੂਰਥਲਾ ਦੇ ਪਿੰਡ ਹਮੀਰਾ ਵਿਖੇ ਇੱਕ ਵਿਸ਼ੇਸ਼ ਮੀਟਿੰਗ ਹੋਈ। ਇਹ ਮੀਟਿੰਗ ਲਖਵਿੰਦਰ ਸਿੰਘ ਹਮੀਰਾ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਢਿਲਵਾਂ ਅਤੇ ਬਾਬਾ ਵਿਜੈ ਕੁਮਾਰ ਹਮੀਰਾ ਚੈਅਰਮੈਨ ਐਸ ਸੀ ਸੈਲ ਹਲਕਾ ਭੁਲੱਥ। ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਪ੍ਰੀਤ ਸੰਗੋਜਲਾ ਜਿਲਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ( ਰਜਿ) ਪੰਜਾਬ ਕਪੂਰਥਲਾ ਅਤੇ ਜਿਲਾ ਜਨਰਲ ਸੈਕਟਰੀ ਸੁਖਵਿੰਦਰ ਸਿੰਘ ਸੋਹੀ ਨੂੰ ਸਨਮਾਨਿਤ ਕੀਤਾ ਗਿਆ। ਪ੍ਰਧਾਨ ਪ੍ਰੀਤ ਸੰਗੋਜਲਾ ਵਲੋ ਸਾਰੇ ਮੋਹਤਬਰ ਵਿਅਕਤੀਆਂ ਦਾ ਦਿਲੋ ਧੰਨਵਾਦ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੱਤਰਕਾਰ ਹਰਮੇਸ਼ ਦੱਤ, ਸੀਨੀਅਰ ਪੱਤਰਕਾਰ ਰਕੇਸ ਪ੍ਰੁੰਜ ਰਤਨ ਸਿੰਘ ਮੱਲ੍ਹੀ, ਮੈਂਬਰ ਪੰਚਾਇਤ ਰਾਮ ਸਿੰਘ, ਰਘੁਬੀਰ ਸਿੰਘ ਘੁੰਮਣ ,ਯੂਥ ਆਗੂ ਸੁਰਜੀਤ ਸਿੰਘ ਗੋਰਾ, ਸੰਦੀਪ ਸਿਪੀ, ਅਮਨ ਕੁਮਾਰ ਆਦਿ ਹਾਜ਼ਰ ਸਨ।



# ਲੋਕ ਡਾਊਨ ਤੋਂ ਬਾਦ ਚ ਵੀ ਲੋਕਾਂ ਨੂੰ ਨਹੀਂ ਡਰ ਪੁਲਿਸ ਪ੍ਰਸ਼ਾਸ਼ਨ ਦਾ

**ਲੁਧਿਆਣਾ /ਅਗਰਵਾਲ**

ਅਜ ਸ਼ਾਮ 5 ਵਜੇ ਦੁਕਾਨਾਂ ਬੰਦ ਕਰਨ ਤੋਂ ਬਾਦ ਵੀ ਲੋਕਾਂ ਦੇ ਮਨਾ ਵਿਚ ਬਿਲਕੁਲ ਵੀ ਕੋਰੋਨਾ ਦਾ ਨਹੀਂ ਰਿਹਾ ਡਰ! ਲੋਕ ਬਾਣੀ ਟੀਮ ਵਲੋਂ ਜਦੋ ਸਮਰਾਲਾ ਚੌਕ ਦੇ ਨਜ਼ਦੀਕ ਗੁਰੂ ਅਰਜੁਨ ਦੇਵ ਨਗਰ ਵਿਚ ਜਾਕੇ ਮੁਆਨਾ ਕੀਤਾ ਗਿਆ ਤਾ ਓਵੇਂ ਹੀ ਸੜਕਾਂ ਤੇ ਰਸ਼ ਬਿਨਾਂ ਮਾਸਕ ਦੇ ਲੋਕ ਘੁੰਮਦੇ ਨਜ਼ਰ ਆਏ!



# ਗੜਦੀਵਾਲਾ ਦੇ ਪਿੰਡ ਥੇਦਾਂ ਚਿਪੜਾ ਦੇ ਵਾਸੀ ਗੁਰਸੇਵਕ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਮੈਰਿਟ ਸੂਚੀ 'ਚੋਂ ਕੀਤਾ ਗੋਲਡ ਮੈਡਲ ਹਾਸਲ

**ਗੜਦੀਵਾਲਾ/ਲੋਕ ਬਾਣੀ**

ਗੜਦੀਵਾਲਾ ਦੇ ਪਿੰਡ ਥੇਦਾਂ ਚਿਪੜਾ ਦੇ ਵਾਸੀ ਗੁਰਸੇਵਕ ਸਿੰਘ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਮੈਰਿਟ ਸੂਚੀ 'ਚੋਂ ਗੋਲਡ ਮੈਡਲ ਹਾਸਲ ਕਰਕੇ ਆਪਣੇ ਪਿੰਡ, ਆਪਣੇ ਮਾਤਾ-ਪਿਤਾ ਅਤੇ ਜਿਲੇ ਦਾ ਨਾਮ ਰੋਸ਼ਨ ਕਰ ਦਿੱਤਾ ਹੈ। ਇਸ ਸੰਬੰਧ ਵਿਚ ਜਾਣਕਾਰੀ ਦਿੰਦੇ ਹੋਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚਲ ਰਹੀ ਅਤੇ ਮਾਨਸਾ ਜਿਲੇ ਦੀ ਸਿਰਮੌਰ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਪ੍ਰਿੰਸੀਪਲ ਡਾ. ਕੁਲਦੀਪ ਸਿੰਘ ਬੱਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀ ਗੁਰਸੇਵਕ ਸਿੰਘ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਮੈਰਿਟ ਸੂਚੀ ਵਿਚੋਂ ਗੋਲਡ ਮੈਡਲ ਹਾਸਲ ਕੀਤਾ ਹੈ। ਉਨਾਂ ਸੰਗੀਤ ਵਿਭਾਗ ਦੇ ਮੁਖੀ ਡਾ. ਰਿਸ਼ਪਾਲ ਸਿੰਘ ਅਤੇ ਸਹਾਇਕ ਪ੍ਰੋਫੈਸਰ ਮਨਪ੍ਰੀਤ ਸਿੰਘ ਤੇ ਬੇਨਤੀ ਕੌਰ ਨੂੰ ਵਧਾਈ ਦਿੱਤੀ। ਗੋਲਡ ਮੈਡਲ ਹਾਸਲ ਕਰਨ ਵਾਲੇ ਗੁਰਸੇਵਕ ਸਿੰਘ ਨੇ ਇਸਦਾ ਸਿਹਰਾ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੀਾਂ ਪਾ ਅਤੇ ਆਪਣੇ ਪਿਤਾ ਸ਼੍ਰੀ ਸਤਪਾਲ ਸਿੰਘ, ਸਵ. ਮਾਤਾ ਮੋਹਿੰਦਰ ਕੌਰ ਦੇ ਅਸ਼ੀਰਵਾਦ ਨੂੰ ਦਿੱਤਾ ਹੈ।



# ਪੰਜਾਬ ਦੇ ਜਲ ਸਰੋਤ ਵਿਭਾਗ ਵੱਲੋਂ 28 ਉਪ ਮੰਡਲ ਅਫ਼ਸਰਾਂ ਅਤੇ 10 ਜੂਨੀਅਰ ਇੰਜਨੀਅਰਾਂ ਦੇ ਤਬਾਦਲੇ

**ਚੰਡੀਗੜ੍ਹ/ਵਿਨੋਦ ਕੁਮਾਰ**

ਪੰਜਾਬ ਦੇ ਜਲ ਸਰੋਤ ਵਿਭਾਗ ਵੱਲੋਂ 28 ਉਪ ਮੰਡਲ ਅਫ਼ਸਰਾਂ ਅਤੇ 10 ਜੂਨੀਅਰ ਇੰਜਨੀਅਰਾਂ ਦੇ ਤਬਾਦਲੇ/ਤਾਇਨਾਤੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬੁਲਾਰੇ ਨੇ ਦੱਸਿਆ ਕਿ ਪ੍ਰਬੰਧਕੀ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਸ੍ਰੀ ਪ੍ਰਬੋਦ ਚੰਦਰ, ਨਿਗਰਾਨ ਇੰਜਨੀਅਰ ਨੂੰ ਐਡਮਿਨ ਅਤੇ ਡੈਮ ਸੁਰੱਖਿਆ ਸਰਕਲ, ਰਣਜੀਤ ਸਾਗਰ ਡੈਮ ਪ੍ਰੋਜੈਕਟ, ਸ਼ਾਹਪੁਰਕੰਡੀ ਟਾਊਨਸ਼ਿਪ ਤੋਂ ਬਦਲ ਕੇ ਬਤੌਰ ਸੰਯੁਕਤ ਡਾਇਰੈਕਟਰ, ਆਈ.ਪੀ.ਆਰ.ਆਈ, ਜਲ ਸਰੋਤ ਵਿਭਾਗ, ਅੰਮ੍ਰਿਤਸਰ ਵਿਖੇ ਤਾਇਨਾਤ ਕੀਤਾ ਗਿਆ ਹੈ। ਬੁਲਾਰੇ ਅਨੁਸਾਰ ਉਪ ਮੰਡਲ ਅਫ਼ਸਰਾਂ ਵਿੱਚ ਦਵਿੰਦਰ ਸਿੰਘ ਨੂੰ ਹਾਈਡਰੋਮੇਟ ਸਬ ਡਿਵੀਜ਼ਨ, ਆਈ.ਪੀ.ਆਰ.ਆਈ, ਅੰਮ੍ਰਿਤਸਰ, ਸਰਬਜੀਤ ਸਿੰਘ ਨੂੰ ਮਕੈਨੀਕਲ ਡਰੇਨੇਜ, ਸਬ ਡਿਵੀਜ਼ਨ ਨੰ: 3, ਵਰਿੰਦਰ ਸਿੰਘ ਝੱਲੀ ਨੂੰ ਮੁੱਖ ਇੰਜਨੀਅਰ ਡਿਜ਼ਾਈਨ ਹਾਈਡਲ ਪ੍ਰੋਜੈਕਟ, ਖੁਸ਼ਵਿੰਦਰ ਸਿੰਘ ਨੂੰ ਲਾਈਨਿੰਗ ਡਿਵੀਜ਼ਨ ਨੰ: 8 ਬਠਿੰਡਾ, ਸਬ ਡਿਵੀਜ਼ਨ ਨੰ: 31 ਪੀ.ਡਬਲਿਊ.ਆਰ.ਐਮ.ਡੀ.ਸੀ., ਪਵਨ ਕੁਮਾਰ ਨੂੰ ਕੰਡੀ ਏਰੀਆ ਡੈਮ ਮੇਨਟੀਨੈਂਸ ਡਿਵੀਜ਼ਨ, ਹੁਸ਼ਿਆਰਪੁਰ (ਢੋਲਬਾਹਾ ਡੈਮ ਸਰਕਲ) ਤਾਇਨਾਤ ਕੀਤਾ ਗਿਆ ਹੈ।

# ਸ਼ਹੀਦ ਸੈਨਿਕ ਪ੍ਰਭਜੀਤ ਸਿੰਘ ਦਾ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ



**ਬੁਢਲਾਡਾ/ਲੋਕ ਬਾਣੀ**

ਅੱਜ ਕੇਂਦਰ ਸ਼ਾਸਤ ਪ੍ਰਦੇਸ਼ ਦੇ ਸੀਆਂ ਚਿੰਨ੍ਹ ਖੇਤਰ ਵਿੱਚ ਗਲੇਸ਼ੀਅਰ ਫੱਟਣ ਨਾਲ ਸ਼ਹੀਦ ਹੋਏ ਖੇਤਰ ਦੇ ਪਿੰਡ ਹਾਕਮਵਾਲਾ ਦੇ ਸੈਨਿਕ ਪ੍ਰਭਜੀਤ ਸਿੰਘ (23) ਪੁੱਤਰ ਜਗਪਾਲ ਸਿੰਘ ਦਾ ਅੱਜ ਉਨ੍ਹਾਂ ਦੇ ਜੱਦੀ ਪਿੰਡ ਹਾਕਮਵਾਲਾ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ ਕੀਤਾ ਗਿਆ। ਬੋਹਾ ਪੁੱਜਣ ਤੇ ਉਨ੍ਹਾਂ ਦੀ ਮ੍ਰਿਤਕ ਦੀ ਦੇਹ ਮੋਟਰਸਾਇਕਲਾਂ ਦੇ ਵੱਡੇ ਕਾਫਲੇ ਨਾਲ ਉਨ੍ਹਾਂ ਦੇ ਘਰ ਲਿਆਦੀ ਗਈ। ਜਿੱਥੇ ਪਰਿਵਾਰਕ ਮੈਂਬਰਾਂ ਤੇ ਨੇੜਲੇ ਰਿਸ਼ਤੇਦਾਰਾਂ ਨੇ ਉਨ੍ਹਾਂ ਦੇ ਅੰਤਿਮ ਦਰਸ਼ਨ ਕੀਤੇ। ਉਨ੍ਹਾਂ ਦਾ ਅੰਤਿਮ ਸਸਕਾਰ ਪਿੰਡ ਦੇ ਖੇਡ ਸਟੇਡੀਅਮ ਵਿਖੇ ਕੀਤਾ ਗਿਆ। ਇਸ ਸਮੇ ਪ੍ਰਸ਼ਾਸਨ ਵੱਲੋ ਏ.ਡੀ.ਸੀ. (ਜਨਰਲ) ਸੁਖਪ੍ਰੀਤ ਸਿੰਘ ਸਿੱਧੂ, ਐਸ.ਡੀ.ਐਮ. ਸਾਗਰ ਸੇਤਿਆ, ਐਸ.ਪੀ. ਪੀਬੀਆਈ. ਰਾਕੇਸ਼ ਕੁਮਾਰ, ਹਲਕਾ ਵਿਧਾਇਕ ਪ੍ਰਿੰਸ਼ੀਪਲ ਬੁੱਧ ਰਾਮ, ਵਿਧਾਨ ਸਭਾ ਹਲਕਾ ਸਰਦੂਲਗੜ੍ਹ ਦੇ ਸਾਬਕਾ ਵਿਧਾਇਕ ਅਜੀਤਇੰਦਰ ਸਿੰਘ ਮੋਫਰ, ਅਕਾਲੀ ਦਲ ਦੇ ਹਲਕਾ ਸੇਵਾਦਾਰ ਡਾ: ਨਿਸ਼ਾਨ ਸਿੰਘ, ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਚਰਨਜੀਤ ਸਿੰਘ, ਅਕਾਲੀ ਦਲ ਡੈਮੋਕ੍ਰੇਟਿਕ ਦੇ ਆਗੂ ਮਲਕੀਤ ਸਿੰਘ ਸਮਾਓ, ਜਥੇਦਾਰ ਜੋਗਾ ਸਿੰਘ, ਬਲਵਿੰਦਰ ਸਿੰਘ ਪਟਵਾਰੀ ਤੇ ਨਵੀਨ ਕੁਮਾਰ ਕਾਲਾ ਆਦਿ ਵੱਲੋਂ ਉਨ੍ਹਾਂ ਨੂੰ ਸ਼ਰਧਾਜ਼ਲੀਆਂ ਭੇਟ ਕੀਤੀਆਂ ਗਈਆਂ। ਸ਼ਹੀਦ ਨੂੰ ਫੌਜੀ ਟੁਕੜੀ 3 ਮੀਡੀਅਮ ਏ.ਆਰ.ਟੀ.ਵਾਈ. ਬਠਿੰਡਾ ਕੈਂਟ ਵੱਲੋਂ ਸਲਾਮੀ ਦਿੱਤੀ ਗਈ। ਸ਼ਹੀਦ ਦੀ ਚਿਖਾ ਨੂੰ ਅਗਨੀ ਉਸਦੇ ਵੱਡੇ ਭਰਾ ਪ੍ਰਿਤਪਾਲ ਸਿੰਘ ਬੱਗਾ ਵੱਲੋਂ ਵਿਖਾਈ ਗਈ। ਐਸ.ਡੀ.ਐਮ. ਸਾਗਰ ਸੇਤਿਆਂ ਨੇ ਪਰਿਵਾਰ ਨੂੰ ਵਿਸਵਾਸ਼ ਦਿਵਾਇਆ ਕਿ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਹਰ ਸੁੱਖ-ਦੁੱਖ ਵਿੱਚ ਪਰਿਵਾਰ ਦੇ ਨਾਲ ਖੜ੍ਹੇਗਾ।

# ਸੀਆਈਟੀ ਵੱਲੋਂ ਜਰੂਰਤ ਮੰਦ ਪਰਿਵਾਰ ਦੀ ਲੜਕੀ ਦੇ ਵਿਆਹ ਵਿੱਚ ਵਿੱਤੀ ਅਤੇ ਹੋਰ ਸਹਾਇਤਾ ਕੀਤੀ ਗਈ



**ਲੁਧਿਆਣਾ/ਸੁਖਚੈਨ ਮਹਿਰਾ**

ਸੀਆਈਟੀ ਵਲੋ ਪੰਜਾਬ ਪ੍ਰਧਾਨ ਐਡਵੋਕੇਟ ਗੋਰਵ ਅਰੋੜਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਜਰੂਰਤ ਮੰਦ ਪਰਿਵਾਰ ਦੀ ਲੜਕੀ ਦੇ ਵਿਆਹ ਵਿੱਚ ਵਿੱਤੀ ਅਤੇ ਹੋਰ ਸਹਾਇਤਾ ਕੀਤੀ ਗਈ,ਲੜਕੀ ਦੇ ਪਰਿਵਾਰ ਵਲੋਂ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਕੀਤਾ ਅਤੇ ਦੁਆਵਾਂ ਦਿੱਤੀਆ ਗਈਆਂ,ਵਾਇਸ ਪ੍ਰਧਾਨ ਜਸਵੀਰ ਕਲੋਤਰਾ ਨੇ ਦਸਿਆ ਕਿ ਕਰਾਇਮ ਇਨਵੈਸਟੀਗੇਸਨ ਟੀਮ ਰਜਿ ਸਮੇ ਸਮੇ ਤੇ ਜਰੂਰਤ ਮੰਦ ਪਰਿਵਾਰਾਂ ਦੀ ਮਦਦ ਕਰਦੀ ਰਹਿੰਦੀ ਹੈ,ਕਿਉਂਕਿ ਜਰੂਰਤ ਮੰਦ ਪਰਿਵਾਰਾਂ ਦੀ ਮਦਦ ਕਰਨਾ ਰੱਬ ਦੀ ਬੰਦਗੀ ਕਰਨ ਬਰਾਬਰ ਹੁੰਦਾ ਹੈ।ਇਸ ਮੋਕੇ ਜਸਵੀਰ ਕਲੋਤਰਾ ਨੇ ਸੀਆਈਟੀ ਦੇ ਹਰ ਨੇਕ ਕੰਮ ਵਿੱਚ ਸਹਿਯੋਗ ਦੇਣ ਵਾਲੇ ਦਾਨੀ ਸੱਜਣਾ ਦਾ ਵੀ ਧੰਨਵਾਦ ਕੀਤਾ।ਇਸ ਮੋਕੇ ਸੋਨੀਆ ਬਾਵਾ,ਰਜਿੰਦਰ ਕੋਰ,ਰਾਜ ਸਿੰਘ,ਗੁਰਚਰਨਜੀਤ ਸਿੰਘ ਆਦਿ ਮੋਜੂਦ ਸਨ।

# ਟ੍ਰੈਕਟਰ ਸਮੇਤ 10 ਕਿਲੇ ਨਾੜ ਸੜ ਕੇ ਸੁਆਹ

**ਚੋਹਲਾ ਸਾਹਿਬ/ਭਗਤ ਸਿੰਘ ਸੰਧੂ**



ਹਲਕਾ ਖਡੂਰ ਸਾਹਿਬ ਦੇ ਪਿੰਡ ਮੁੰਡਾਪਿੰਡ ਵਿਖੇ ਇੱਕ ਕਿਸਾਨ ਦੀ 10 ਏਕੜ ਕਣਕ ਦੇ ਨਾੜ ਸਮੇਤ ਮਾਰਮ ਟ੍ਰੈਕ ਕੰਪਨੀ ਦਾ ਨਵਾ ਟ੍ਰੈਕਟਰ ਸੜ ਕੇ ਸੁਆਹ ਹੋ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਪਿੰਡ ਮੁੰਡਾਪਿੰਡ ਦੇ ਕਿਸਾਨ ਰਣਜੀਤ ਸਿੰਘ ਪੁੱਤਰ ਬੇਅੰਤ ਸਿੰਘ ਦੀ ਕਣਕ ਕਟਾਈ ਤੋ ਬਾਅਦ ਤੂੜੀ ਬਣਾਉਣ ਸਮੇ ਟ੍ਰੈਕਟਰ ਬੈਟਰੀ ਦੀ ਸਪਾਰਕਿੰਗ ਨਾਲ 10 ਏਕੜ ਨਾੜ ਸਮੇ ਨਵਾ ਟ੍ਰੈਕਟਰ ਸੜ ਕੇ ਸੁਆਹ ਹੋ ਗਿਆ ਹੈ। ਪੀੜਤ ਕਿਸਾਨ ਵੱਲੋ ਪੰਜਾਬ ਸਰਕਾਰ ਕੋਲੋ ਹੋਏ ਨੁਕਸਾਨ ਲਈ ਦੀ ਭਰਪਾਈ ਲਈ ਮੁਆਵਜੇ ਦੀ ਮੰਗ ਕੀਤੀ ਗਈ ਹੈ।

# ਗੋਪਾਲ ਕ੍ਰਿਸ਼ਨ ਸ਼ੈਟੀ ਦੇ ਬੇਵਕਤੀ ਦੇਹਾਂਤ ਤੇ ਪੱਤਰਕਾਰ ਭਾਈਚਾਰੇ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ

**ਲੌਂਗੋਵਾਲ/ਲੋਕ ਬਾਣੀ**



ਸ਼ਹਿਰ ਦੇ ਉੱਘੇ ਸਮਾਜ ਸੇਵਕ ਡਾ.ਮਨੀਸ਼ ਵਸ਼ਿਸਟ (ਸ਼ੈਲੂ) ਦੇ ਛੋਟੇ ਭਰਾ ਸਮਾਜ ਸੇਵੀ ਠੇਕੇਦਾਰ ਗੋਪਾਲ ਕ੍ਰਿਸ਼ਨ ਸ਼ੈਂਟੀ ਜੋਕਿ 41 ਸਾਲ ਦੀ ਨੌਜਵਾਨ ਅਵਸਥਾ ਵਿੱਚ ਸੰਖੇਪ ਬਿਮਾਰੀ ਕਾਰਨ ਅਕਾਲ ਚਲਾਣਾ ਕਰ ਗਏ ਹਨ। ਉਨ੍ਹਾਂ ਦੇ ਬੇਵਕਤੀ ਦੇਹਾਂਤ ਸਬੰਧੀ ਕਸਬਾ ਲੌਂਗੋਵਾਲ ਦੇ ਪੱਤਰਕਾਰ ਦੇਵਿੰਦਰ ਵਸ਼ਿਸ਼ਟ, ਪੱਤਰਕਾਰ ਜਗਸੀਰ ਲੌਂਗੋਵਾਲ, ਪੱਤਰਕਾਰ ਵਿਜੈ, ਸ਼ਰਮਾ,ਪੱਤਰਕਾਰ ਸ਼ੇਰ ਸਿੰਘ ਖੰਨਾ, ਪੱਤਰਕਾਰ ਵਿਨੋਦ ਸ਼ਰਮਾ,ਪੱਤਰਕਾਰ ਗੁਰਪ੍ਰੀਤ ਸਿੰਘ ਖਾਲਸਾ, ਪੱਤਰਕਾਰ ਜਗਤਾਰ ਸਿੰਘ ਨਹਿਲ, ਪੱਤਰਕਾਰ ਜੁੰਮਾ ਸਿੰਘ, ਪੱਤਰਕਾਰ ਹਰਪਾਲ ਸਿੰਘ, ਪੱਤਰਕਾਰ ਹਰਜੀਤ ਸ਼ਰਮਾ ਨੈਬੀ, ਪੱਤਰਕਾਰ ਹਰਨੇਕ ਸਿੰਘ ਕ੍ਰਿਸ਼ਨ, ਪੱਤਰਕਾਰ ਪ੍ਰਦੀਪ ਸੱਪਲ, ਪੱਤਰਕਾਰ ਪਰਮਜੀਤ ਸੱਪਲ(ਬੰਟੀ), ਪੱਤਰਕਾਰ ਰਵੀ ਗਰਗ, ਪੱਤਰਕਾਰ ਸੁਖਪਾਲ ਦਸੌਂਡ, ਪੱਤਰਕਾਰ ਮਨੋਜ ਸਿੰਗਲਾ,ਪੱਤਰਕਾਰ ਕੁਲਦੀਪ ਅੱਤਰੀ ,ਪੱਤਰਕਾਰ ਭਗਵੰਤ ਸ਼ਰਮਾ ਅਤੇ ਪੱਤਰਕਾਰ ਗੁਰਮੀਤ ਸਿੰਘ ਸੇਰੋਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ।

PB 32 LOUNGE AND BAR







M-85569-55644, 7888534947
CHD ROAD, Nawanshahr Mandi,
Nawanshahr - 144514, NEAR SUTLEJ CINEMA

**ਜ਼ਰੂਰੀ ਸੂਚਨਾ**

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ/ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016/2008
Edior, Owner, Printer, Publisher, Amandeep Mehra
Printed at Rachna Printers, Railway Road Jalandhar
Place of Publication : 308 Sangam complex
Milap Chowk, Jalandhar (India)
Contect No. : 0181-2211009, Fax : 2211009
Email Id : lokbani08@gmail.com

ਨਾਨਕ ਨਾਮ ਚੜ੍ਹਦੀ ਕਲਾ ਤੇਰੇ ਭਾਣੇ ਸਰਬੱਤ ਦਾ ਭਲਾ॥
ਅਨਾਥ, ਵਿਧਵਾ, ਬੇਸਹਾਰਾ, ਲਚਾਰ ਪ੍ਰਾਣੀਆਂ ਦੀ ਸੇਵਾ ਹਿੱਤ
ਗੁਰੂ ਨਾਨਕ ਅਨਾਥ ਆਸ਼ਰਮ ਐਂਡ ਚੈਰੀਟੇਬਲ ਸੁਸਾਇਟੀ (ਰਜਿ.)
विधवा, बेसहारा, लाचार प्राणियों की सेवा में
गुरू नानक अनाथ आश्रम एण्ड चैरीटेबल सोसाईटी (रजि.)
ਫੋਨ : 0181-2413760, ਮੋ. 95018-42008
GURU NANAK ANATH ASHRAM & CHARITABLE SOCIETY (REGD.)
P.N.B. A/C. No. 2205000121070723
ਦਾਨੀ ਸੱਜਣ ਇਨਕਮ ਟੈਕਸ ਛੋਟ ਵਾਸਤੇ ਮੁੱਖ ਦਫ਼ਤਰ ਰਾਮਾ ਮੰਡੀ, ਜਲੰਧਰ ਨਾਲ ਸੰਪਰਕ ਕਰਨ ਜੀ।
Vill. Buddana, P.o. Kapoor Pind, Near Jandusinga, Distt Jalandhar (Pb.)

ਦੇਸ਼-ਵਿਦੇਸ਼ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਨੂੰ ਪੱਤਰਕਾਰ, ਲੇਖਕਾਂ ਦੀ ਲੋੜ ਹੈ ਚਾਹਵਾਨ ਸੰਪਰਕ ਕਰਨ ਪਤਾ-ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 0181-2211009, 99155-94111